ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 23 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੧੦ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



# ਸ਼ਹੀਦੇ ਆਜ਼ਮ ਸ. ਭਗਤ ਸਿੰਘ,

## ਰਾਜਗੁਰੂ ਅਤੇ ਸੁਖਦੇਵ

## ਨੂੰ ਸ਼ਹੀਦੀ ਦਿਵਸ ਮੌਕੇ

# ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਸੰਪਰਕ

+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

## ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

**23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।**

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ਸ਼ੇਅਰ ਜ਼ਰੂਰੀ ਕਰਨਾ ਜੀ

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 23 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੧੦ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸਿੱਧੂ ਮੂਸੇਵਾਲਾ ਦੇ ਕਤਲ ਦਾ ਇਨਸਾਫ ਮਿਲਣ ਦੀ ਕੋਈ ਉਮੀਦ ਨਹੀਂ: ਬਲਕੌਰ ਸਿੰਘ

**ਚੰਡੀਗੜ੍ਹ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਿੱਧੂ ਮੂਸੇਵਾਲਾ ਕਤਲ ਕੇਸ ਵਿੱਚ ਅੱਜ ਮਾਨਸਾ ਅਦਾਲਤ ਵਿੱਚ ਸੁਣਵਾਈ ਹੋਈ। ਅਦਾਲਤ ਨੇ ਮੁਲਜ਼ਮਾਂ ਵੱਲੋਂ ਡਿਸਚਾਰਜ ਦੀ ਅਰਜ਼ੀ ਬਾਰੇ ਸਰਕਾਰ ਤੋਂ ਜਵਾਬ ਮੰਗਿਆ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ 5 ਅਪ੍ਰੈਲ ਨੂੰ ਹੋਏਗੀ। ਉਧਰ, ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਇਨਸਾਫ ਮਿਲਣ ਦੀ ਕੋਈ ਉਮੀਦ ਨਹੀਂ। ਦੱਸ ਦਈਏ ਕਿ ਮੁਲਜ਼ਮਾਂ ਜਗਤਾਰ ਸਿੰਘ, ਚਰਨਜੀਤ ਸਿੰਘ, ਲਾਰੈਂਸ ਬਿਸ਼ਨੋਈ ਤੇ ਜੱਗੂ ਭਗਵਾਨਪੁਰੀਆ ਵੱਲੋਂ ਆਪਣੇ-ਆਪ ਨੂੰ ਬੇਕਸੂਰ ਦੱਸਦਿਆਂ ਡਿਸਚਾਰਜ ਦੀ ਅਰਜ਼ੀ ਦਾਇਰ ਕੀਤੀ ਗਈ ਸੀ। ਇਸ 'ਤੇ ਅਦਾਲਤ ਨੇ 27 ਮਾਰਚ ਨੂੰ ਰਾਜ ਸਰਕਾਰ ਤੋਂ ਜਵਾਬ ਮੰਗਿਆ ਹੈ। ਹੁਣ ਸਿੱਧੂ ਮੂਸੇਵਾਲਾ ਕਤਲ ਕੇਸ ਦੀ ਸੁਣਵਾਈ 5 ਅਪ੍ਰੈਲ ਨੂੰ ਮੁੜ ਹੋਵੇਗੀ। ਇਸ ਮੌਕੇ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਦੱਸਿਆ ਕਿ ਅਦਾਲਤ ਨੇ 5 ਅਪ੍ਰੈਲ ਦੀ ਤਰੀਕ ਪਾਈ ਹੈ। ਸਿੱਧੂ ਮੂਸੇਵਾਲਾ ਦੇ ਨਵਜੰਮੇ ਛੋਟਾ ਭਰਾ ਬਾਰੇ ਸਰਕਾਰ ਵੱਲੋਂ ਸਬੂਤ ਮੰਗੇ ਜਾਣ 'ਤੇ ਬਲਕੌਰ ਸਿੰਘ ਨੇ ਕਿਹਾ ਕਿ ਹੁਣ ਸਰਕਾਰ ਮੀਡੀਆ ਦੀ ਦੁਰਵਰਤੋਂ ਕਰਕੇ ਇਹ ਸਾਰਾ ਮਾਮਲਾ ਕੇਂਦਰ ਸਰਕਾਰ 'ਤੇ ਪਾਉਣਾ ਚਾਹੁੰਦੀ ਹੈ।



## ਅਸਤੀਫ਼ਾ ਨਹੀਂ ਦਿਆਂਗਾ, ਜੇਲ੍ਹ 'ਚੋਂ ਚਲਾਵਾਂਗਾ ਸਰਕਾਰ : ਕੇਜਰੀਵਾਲ

# 28 ਮਾਰਚ ਤੱਕ ਈ. ਡੀ. ਦੀ ਰਿਮਾਂਡ 'ਚ ਰਹਿਣਗੇ

**ਨਵੀਂ ਦਿੱਲੀ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਦਿੱਲੀ ਸ਼ਰਾਬ ਘਪਲਾ ਮਾਮਲੇ 'ਚ ਵੀਰਵਾਰ ਸ਼ਾਮ ਨੂੰ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਗ੍ਰਿਫ਼ਤਾਰ ਕੀਤਾ ਸੀ। ਈ.ਡੀ. ਦੀ ਟੀਮ ਵੀਰਵਾਰ ਸ਼ਾਮ ਕੇਜਰੀਵਾਲ ਦੇ ਘਰ ਪਹੁੰਚੀ ਸੀ। ਕਰੀਬ 2 ਘੰਟਿਆਂ ਦੀ ਪੁੱਛ-ਗਿੱਛ ਅਤੇ ਘਰ ਦੀ ਤਲਾਸ਼ੀ ਤੋਂ ਬਾਅਦ ਈ.ਡੀ. ਨੇ ਕੇਜਰੀਵਾਲ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਰਾਊਜ ਐਵੇਨਿਊ ਕੋਰਟ ਨੇ ਇਸ ਮਾਮਲੇ 'ਤੇ ਫ਼ੈਸਲਾ ਸੁਣਾਉਂਦੇ ਹੋਏ 6 ਦਿਨ ਦੀ ਈਡੀ ਰਿਮਾਂਡ 'ਤੇ ਭੇਜ ਦਿੱਤਾ ਹੈ। ਕੇਜਰੀਵਾਲ 28 ਮਾਰਚ ਤੱਕ ਈਡੀ ਦੀ ਹਿਰਾਸਤ 'ਚ ਰਹਿਣਗੇ। ਕੇਜਰੀਵਾਲ 28 ਮਾਰਚ ਦੁਪਹਿਰ 2 ਵਜੇ ਕੋਰਟ 'ਚ ਪੇਸ਼ੀ ਹੋਵੇਗੀ। ਦੱਸਣਯੋਗ ਹੈ ਕਿ ਕੋਰਟ ਨੇ ਇਸ ਮਾਮਲੇ 'ਤੇ ਫ਼ੈਸਲਾ ਸੁਰੱਖਿਅਤ ਰੱਖ ਲਿਆ ਸੀ। ਜਿਸ ਤੋਂ ਬਾਅਦ ਹੁਣ ਇਹ ਫ਼ੈਸਲਾ ਸੁਣਾਇਆ ਗਿਆ ਹੈ। ਉੱਥੇ ਹੀ ਈ.ਡੀ. ਨੇ 10 ਦਿਨ ਦੀ ਰਿਮਾਂਡ ਮੰਗੀ ਸੀ। ਜ਼ਿਕਰਯੋਗ ਹੈ ਕਿ ਸ਼ਰਾਬ ਘਪਲਾ ਮਾਮਲੇ 'ਚ ਅਰਵਿੰਦ ਕੇਜਰੀਵਾਲ ਨੂੰ ਈ.ਡੀ. ਵੱਲੋਂ 9 ਸੰਮਨ ਭੇਜੇ ਜਾ ਚੁੱਕੇ ਹਨ, ਜਿਨ੍ਹਾਂ ਦੇ ਮਿਲਣ ਤੋਂ ਬਾਅਦ ਵੀ ਕੇਜਰੀਵਾਲ ਈ.ਡੀ. ਅੱਗੇ ਹਾਜ਼ਰ ਨਹੀਂ ਹੋਏ, ਜਿਸ ਤੋਂ ਬਾਅਦ ਅੱਜ ਈ.ਡੀ. ਦੀ ਪਾਰਟੀ ਖ਼ੁਦ 10ਵਾਂ ਸੰਮਨ ਲੈ ਕੇ ਉਨ੍ਹਾਂ ਦੇ ਘਰ ਪਹੁੰਚ ਗਈ ਅਤੇ ਪੁੱਛਗਿੱਛ ਤੋਂ ਬਾਅਦ ਕੇਜਰੀਵਾਲ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਮੌਕੇ ਉਨ੍ਹਾਂ ਦੇ ਘਰ ਦੇ ਬਾਹਰ ਵੱਡੀ ਗਿਣਤੀ 'ਚ ਪਾਰਟੀ ਸਮਰਥਕ ਹਾਜ਼ਰ ਹਨ, ਜੋ ਕੇਜਰੀਵਾਲ ਦੇ ਹੱਕ 'ਚ ਨਾਅਰੇਬਾਜ਼ੀ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਮੈਂ ਅਸਤੀਫਾ ਨਹੀਂ ਦੇਵਾਂਗਾ। ਮੈਂ ਤੰਦਰੁਸਤ ਹਾਂ ਅਤੇ ਜੇਲ੍ਹ ਤੋਂ ਹੀ ਸਰਕਾਰ ਚਲਾਵਾਂਗਾ। ਉਹ 28 ਮਾਰਚ ਨੂੰ ਦੁਪਹਿਰ 2 ਵਜੇ ਅਦਾਲਤ ਵਿੱਚ ਪੇਸ਼ ਹੋਣਗੇ। ਇਸ ਦਾ ਮਤਲਬ ਹੈ ਕਿ ਕੇਜਰੀਵਾਲ ਦੀ ਹੋਲੀ ਜੇਲ੍ਹ 'ਚ ਹੀ ਮਨਾਈ ਜਾਵੇਗੀ। ਅਦਾਲਤ ਦੇ ਫੈਸਲੇ ਤੋਂ ਪਹਿਲਾਂ ਦੋਵਾਂ ਧਿਰਾਂ ਨੇ ਅਦਾਲਤ ਵਿੱਚ ਦਲੀਲਾਂ ਦਿੱਤੀਆਂ। ਕੇਜਰੀਵਾਲ ਵੱਲੋਂ ਪੇਸ਼ ਹੋਏ ਵਕੀਲ ਅਭਿਸ਼ੇਕ ਮਨੂ ਸਿੰਘਵੀ ਨੇ ਕੇਜਰੀਵਾਲ ਦੀ ਗ੍ਰਿਫ਼ਤਾਰੀ ਦਾ ਵਿਰੋਧ ਕੀਤਾ। ਨਾਲ ਹੀ ਸਵਾਲ ਉਠਾਇਆ ਕਿ ਜਦੋਂ ਈਡੀ ਕੋਲ ਸਭ ਕੁਝ ਹੈ ਤਾਂ ਗ੍ਰਿਫ਼ਤਾਰੀਆਂ ਕਿਉਂ ਕੀਤੀਆਂ ਗਈਆਂ। ਦੂਜੇ ਪਾਸੇ ਦੇਸ਼ ਭਰ 'ਚ ਆਮ ਆਦਮੀ ਪਾਰਟੀ ਦੇ ਵਰਕਰ ਸੜਕਾਂ 'ਤੇ ਉਤਰ ਆਏ ਹਨ।



## ਚੌਥੀ ਲਿਸਟ 'ਚ ਭਾਜਪਾ ਨੇ 2 ਸੂਬਿਆਂ ਲਈ ਉਮੀਦਵਾਰਾਂ ਦਾ ਕੀਤਾ ਐਲਾਨ, 2 ਔਰਤਾਂ ਵੀ ਸ਼ਾਮਲ

**ਨਵੀਂ ਦਿੱਲੀ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਨੇ ਸ਼ੁੱਕਰਵਾਰ (22 ਮਾਰਚ, 2024) ਨੂੰ ਲੋਕ ਸਭਾ ਚੋਣਾਂ 2024 ਲਈ ਉਮੀਦਵਾਰਾਂ ਦੇ ਨਾਵਾਂ ਦੀ ਚੌਥੀ ਸੂਚੀ ਜਾਰੀ ਕੀਤੀ। ਇਸ ਸੂਚੀ ਵਿੱਚ ਦੋ ਸੂਬਿਆਂ ਲਈ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਗਿਆ ਹੈ। ਸੂਚੀ ਵਿੱਚ ਸਿਰਫ਼ 15 ਨਾਮ ਹਨ, ਜਿਨ੍ਹਾਂ ਵਿੱਚੋਂ ਇੱਕ ਪੁਡੂਚੇਰੀ ਦਾ ਹੈ, ਜਦਕਿ ਬਾਕੀ 14 ਤਾਮਿਲਨਾਡੂ ਦੇ ਹਨ। ਇਨ੍ਹਾਂ ਸਾਰੇ 15 ਉਮੀਦਵਾਰਾਂ ਵਿੱਚ ਦੋ ਮਹਿਲਾ ਉਮੀਦਵਾਰ ਵੀ ਸ਼ਾਮਲ ਹਨ। ਪੁਡੂਚੇਰੀ ਤੋਂ ਭਾਜਪਾ ਨੇ ਏ. ਨਮਸਿਸਵਯਮ ਨੂੰ ਮੌਕਾ ਦਿੱਤਾ ਹੈ, ਜਦਕਿ ਤਾਮਿਲਨਾਡੂ ਤੋਂ ਪੌਨ.ਵੀ ਬਾਲਗਨਪਤੀ, ਚੇਨਈ ਨਾਰਥ ਤੋਂ ਆਰ ਸੀ ਪੌਲ ਕਨਗਰਾਜ, ਤਿਰੂਵੱਨਾਮਲਾਈ ਤੋਂ ਏ ਅਸ਼ਵਥਮਨ, ਨਮੱਕਨ ਤੋਂ ਕੇਪੀ ਰਾਮਾਲਿੰਗਮ, ਤਿਰੂਪੁਰ ਤੋਂ ਏਪੀ ਮੁਰੂਗਨੰਦਮ, ਪੋਲੱਚੀ ਤੋਂ ਕੇ. ਵਸੰਤਰਾਜਨ, ਕਰੂਰ ਤੋਂ ਵੀਵੀ ਸੇਂਥਿਲਨਾਥਨ, ਚਿੰਦਬਰਮ ਤੋਂ ਕਾਰਿਤਯਯਿਨੀ, ਨਾਗਪੱਤੀਨਮ ਤੋਂ ਐਸਜੀਐਮ ਰਮੇਸ਼, ਥੰਜੂਵਰ ਤੋਂ ਐਮ ਮੁਰੂਗਨੰਦਨਮ, ਸਿਵਾਗੰਗਾ ਤੋਂ ਡਾ. ਦੇਵਨਾਥਨ ਯਾਦਵ, ਮਦੁਰਾਈ ਤੋਂ ਪ੍ਰੋਫੈਸਰ ਰਾਮਾ ਸ੍ਰੀਨਿਵਾਸਨ, ਵਿਰੂਧੁਨਗਰ ਤੋਂ ਰਾਧਿਕਾ ਸਰਥਕੁਮਾਰ ਅਤੇ ਤੇਨਕਾਸੀ (ਐਸਸੀ) ਤੋਂ ਬੀ ਜੌਨ ਪਾਂਡੀਅਨ ਨੂੰ ਟਿਕਟਾਂ ਦਿੱਤੀਆਂ ਗਈਆਂ ਹਨ। ਇਸ ਤੋਂ ਇੱਕ ਦਿਨ ਪਹਿਲਾਂ ਭਾਜਪਾ ਨੇ ਆਮ ਚੋਣਾਂ ਲਈ ਉਮੀਦਵਾਰਾਂ ਦੀ ਤੀਜੀ ਸੂਚੀ ਜਾਰੀ ਕੀਤੀ ਸੀ। ਪਾਰਟੀ ਦੀ ਇਸ ਸੂਚੀ ਵਿੱਚ ਸਾਬਕਾ ਰਾਜਪਾਲ ਤਮਿਲੀਸਾਈ ਸੁੰਦਰਰਾਜਨ, ਭਾਜਪਾ ਦੀ ਤਾਮਿਲਨਾਡੂ ਇਕਾਈ ਦੇ ਪ੍ਰਧਾਨ ਕੇ. ਅੰਨਾਮਾਲਾਈ ਅਤੇ ਕੇਂਦਰੀ ਮੰਤਰੀ ਐਲ ਮੁਰੂਗਨ ਸਮੇਤ ਸੂਬੇ ਦੇ ਨੌਂ ਉਮੀਦਵਾਰਾਂ ਦੇ ਨਾਂ ਹਨ।



## ਹੋਲਾ ਮਹੱਲਾ ਮੌਕੇ ਵਿਰਾਸਤ-ਏ-ਖਾਲਸਾ 'ਚ 'ਐਡਵੈਂਚਰ', ਇਤਿਹਾਸ 'ਚ ਪਹਿਲੀ ਵਾਰ ਉਪਰਾਲਾ

**ਚੰਡੀਗੜ੍ਹ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਖਾਲਸਾਈ ਜਾਹੋ ਜਲਾਲ ਦੇ ਪ੍ਰਤੀਕ ਹੋਲੇ ਮਹੱਲੇ ਦੇ ਪਵਿੱਤਰ ਤਿਉਹਾਰ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਖਾਲਸਾ ਪੰਥ ਦੇ ਜਨਮ ਸਥਾਨ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਐਡਵੈਂਚਰ ਖੇਡਾਂ ਵੀ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਤਹਿਤ ਅੱਜ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸਥਿਤ ਵਿਰਾਸਤ-ਏ-ਖਾਲਸਾ ਵਿਖੇ ਹੌਟ ਏਅਰ ਬੈਲੂਨ ਤੇ ਮਨਮੋਹਕ ਵਾਟਰ ਬਾਡੀ ਵਿੱਚ ਸੈਲਾਨੀਆਂ ਦੀ ਸਹੂਲਤ ਲਈ ਪੈਡਲ ਵੋਟ ਦੀ ਸਹੂਲਤ ਵੀ ਉਪਲੱਬਧ ਕਰਵਾਈ ਗਈ ਹੈ, ਜੋ ਆਪਣੇ ਆਪ ਵਿੱਚ ਦੂਰ ਦੁਰਾਡੇ ਤੋਂ ਆਉਣ ਵਾਲੇ ਸੈਲਾਨੀਆਂ ਦੀ ਖਾਸ ਖਿੱਚ ਦਾ ਕੇਂਦਰ ਬਣੇ ਹੋਏ ਹਨ। ਜ਼ਿਕਰਯੋਗ ਹੈ ਕਿ ਵਿਸ਼ਵ ਪ੍ਰਸਿੱਧ ਵਿਰਾਸਤ-ਏ-ਖਾਲਸਾ ਵਿੱਚ ਰੋਜ਼ਾਨਾ ਹਜ਼ਾਰਾ ਸੈਲਾਨੀਆਂ ਦੀ ਆਮਦ ਰਹਿੰਦੀ ਹੈ। ਹੋਲਾ ਮਹੱਲਾ ਤੇ ਹੋਰ ਵੱਡੇ ਧਾਰਮਿਕ ਤਿਉਹਾਰਾ ਮੌਕੇ ਇਹ ਆਮਦ ਕਈ ਗੁਣਾ ਵੱਧ ਜਾਂਦੀ ਹੈ। ਇਸ ਵਾਰ ਹੋਲਾ ਮਹੱਲਾ ਦਾ ਤਿਉਹਾਰ ਕੀਰਤਪੁਰ ਸਾਹਿਬ ਵਿਚ 21 ਤੋਂ 23 ਮਾਰਚ ਤੇ ਸ੍ਰੀ ਅਨੰਦਪੁਰ ਸਾਹਿਬ ਵਿੱਚ 24 ਤੋਂ 26 ਮਾਰਚ ਤੱਕ ਮਨਾਇਆ ਜਾ ਰਿਹਾ ਹੈ। ਸੈਰ ਸਪਾਟਾ ਵਿਭਾਗ ਤੇ ਜਿਲ੍ਹਾ ਪ੍ਰਸਾਸ਼ਨ ਵੱਲੋਂ ਪਹਿਲੀ ਵਾਰ ਹੋਲਾ ਮਹੱਲਾ ਓਲੰਪਿਕਸ 2024 ਸਥਾਨਕ ਚਰਨ ਗੰਗਾ ਸਟੇਡੀਅਮ ਵਿਚ ਕਰਵਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੇ ਸੈਰ ਸਪਾਟਾ ਵਿਭਾਗ ਦੇ ਨਿਗਰਾਨ ਇੰ. ਭੁਪਿੰਦਰ ਸਿੰਘ ਚਾਨਾ ਇਨ੍ਹਾਂ ਵਿਰਾਸਤੀ ਖੇਡਾਂ ਦੀ ਨਿਰੰਤਰ ਨਿਗਰਾਨੀ ਕਰ ਰਹੇ ਹਨ। ਵਧੀਕ ਡਿਪਟੀ ਕਮਿਸ਼ਨਰ (ਜ) ਪੂਜਾ ਸਿਆਲ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ (ਵਿ) ਸੰਜੀਵ ਕੁਮਾਰ ਵੱਲੋਂ ਹੋਲਾ ਮਹੱਲਾ ਓਲੰਪਿਕਸ ਵਿਖੇ ਕਰਵਾਏ ਜਾਣ ਵਾਲੇ ਮੁਕਾਬਲਿਆਂ ਦੀ ਵਿਉਂਤਬੰਦੀ ਕੀਤੀ ਗਈ ਹੈ। ਦਸਤਾਰ ਬੰਦੀ ਮੁਕਾਬਲਿਆਂ ਵਿੱਚ ਲੋਕਾਂ ਦਾ ਭਾਰੀ ਉਤਸ਼ਾਹ ਹੈ, ਕਵੀਸ਼ਰੀ ਤੇ ਢਾਡੀ ਸਰੋਤਿਆਂ ਨੂੰ ਧਾਰਮਿਕ ਸ਼ਬਦ, ਕੀਰਤਨ ਨਾਲ ਨਿਹਾਲ ਕਰ ਰਹੇ ਹਨ, ਗੱਤਕਾ ਟੀਮਾਂ ਦੇ ਜੋਹਰ ਹਾਜ਼ਰ ਲੋਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇ ਹੋਏ ਹਨ, ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਪ੍ਰਧਾਨ ਸ.ਹਰਜੀਤ ਸਿੰਘ ਗਰੇਵਾਲ ਜੁਆਇੰਟ ਡਾਇਰੈਕਟਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ 12 ਗੱਤਕਾ ਟੀਮਾਂ ਜਿਨ੍ਹਾਂ ਵਿੱਚ ਲੜਕੀਆਂ ਵੀ ਸਾਮਿਲ ਹਨ ਵੀ ਜੰਗਜੂ ਪ੍ਰਸਤੂਤੀ ਦਿੱਤੀ ਗਈ ਹੈ। ਇਸ ਹੋਲਾ ਮਹੱਲਾ ਓਲੰਪਿਕਸ ਦੌਰਾਨ ਵੱਖ ਵੱਖ ਵਿਭਾਗਾ, ਖੇਡ ਵਿਭਾਗ, ਲੋਕ ਨਿਰਮਾਣ ਵਿਭਾਗ, ਜਲ ਸਪਲਾਈ ਵਿਭਾਗ, ਸਿੱਖਿਆ ਵਿਭਾਗ, ਮੰਡੀ ਬੋਰਡ, ਮਾਰਕੀਟ ਕਮੇਟੀ, ਨਗਰ ਕੌਂਸਲਾਂ, ਪੇਡੂ ਵਿਕਾਸ ਤੇ ਪੰਚਾਇਤ ਵਿਭਾਗ, ਜਿਲ੍ਹਾਂ ਪ੍ਰੋਗਰਾਮ ਅਫਸਰ ਵੱਲੋਂ ਵੀ ਵਿਸੇਸ਼ ਉਪਰਾਲੇ ਕੀਤੇ ਗਏ ਹਨ।



## ਬਰਨਾਲਾ 'ਚ ਜੈਜ਼ੀ ਬੀ ਵਿਰੁੱਧ ਕਿਸਾਨ ਯੂਨੀਅਨ ਦਾ ਪ੍ਰਦਰਸ਼ਨ, ਗਾਇਕ ਦੇ ਨਵੇਂ ਗੀਤ 'ਤੇ ਜਤਾਇਆ ਇਤਰਾਜ਼



**ਬਰਨਾਲਾ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਬਰਨਾਲਾ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਪੰਜਾਬੀ ਗਾਇਕ ਜੈਜ਼ੀ ਬੀ ਦਾ ਪੁਤਲਾ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਵਿਸ਼ਵ ਭਰ ਵਿੱਚ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ ਸੀ। ਉੱਥੇ ਹੀ 10 ਮਾਰਚ ਨੂੰ ਪੰਜਾਬੀ ਗਾਇਕ ਜੈਜ਼ੀ ਬੀ ਨੇ ਇੱਕ ਗੀਤ ਰਿਲੀਜ਼ ਕੀਤਾ ਸੀ, ਜਿਸ ਵਿੱਚ ਉਸ ਨੇ ਔਰਤਾਂ ਪ੍ਰਤੀ ਬਹੁਤ ਹੀ ਭੱਦੀ ਭਾਸ਼ਾ ਦੀ ਵਰਤੋਂ ਕੀਤੀ ਹੈ, ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਦੱਸਿਆ ਕਿ ਗਾਇਕ ਜੈਜ਼ੀ ਬੀ ਦਾ ਗੀਤ 'ਮੜਕ ਸ਼ੌਕੀਨਾਂ ਦੀ ਤੂੰ ਕੀ ਜਾਣਦੀ ਭੇਡ' ਰਿਲੀਜ਼ ਹੋ ਗਿਆ ਹੈ। ਜਿਸ ਵਿੱਚ ਔਰਤਾਂ ਲਈ ਭੇਡ ਸ਼ਬਦ ਵਰਤਿਆ ਗਿਆ ਹੈ, ਜੋ ਕਿ ਬੇਹੱਦ ਮੰਦਭਾਗਾ ਹੈ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਪੰਜਾਬੀ ਸੱਭਿਆਚਾਰ ਨੂੰ ਬਦਨਾਮ ਕੀਤਾ ਜਾ ਰਿਹਾ ਹੈ। ਅਜਿਹੇ 'ਚ ਔਰਤਾਂ ਦਾ ਜਨਤਕ ਤੌਰ 'ਤੇ ਇਸ ਸ਼ਬਦ ਦੀ ਵਰਤੋਂ ਕਰਨਾ ਬੇਹੱਦ ਇਤਰਾਜ਼ਯੋਗ ਹੈ। ਇਸ ਕਾਰਨ ਅੱਜ ਉਨ੍ਹਾਂ ਦੀ ਜਥੇਬੰਦੀ ਵੱਲੋਂ ਗਾਇਕ ਜੈਜ਼ੀ ਬੀ ਦਾ ਪੁਤਲਾ ਸਾੜ ਕੇ ਰੋਸ ਪ੍ਰਗਟ ਕੀਤਾ ਗਿਆ। ਉਨ੍ਹਾਂ ਪੰਜਾਬੀ ਬੁੱਧੀਜੀਵੀਆਂ ਅਤੇ ਸੱਭਿਆਚਾਰ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਉਹ ਵੀ ਇਸ ਸਬੰਧੀ ਅੱਗੇ ਆਉਣ ਅਤੇ ਇਸ ਗੀਤ ਪ੍ਰਤੀ ਆਪਣਾ ਇਤਰਾਜ਼ ਉਠਾਉਣ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਗਾਇਕ ਜੈਜ਼ੀ ਬੀ ਦਾ ਬਾਈਕਾਟ ਕਰਨ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਜੈਜ਼ੀ ਬੀ ਦੇ ਇਸ ਗੀਤ ਨੂੰ ਰੋਕਣ ਲਈ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਕਾਨੂੰਨੀ ਨੋਟਿਸ ਭੇਜਿਆ ਜਾਵੇਗਾ। ਇਸ ਸਬੰਧੀ ਰਾਸ਼ਟਰੀ ਅਤੇ ਰਾਜ ਮਹਿਲਾ ਕਮਿਸ਼ਨ ਨੂੰ ਵੀ ਸ਼ਿਕਾਇਤ ਭੇਜੀ ਗਈ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਇਸ ਗੀਤ 'ਤੇ ਤੁਰੰਤ ਪਾਬੰਦੀ ਲਾਉਣ ਦੀ ਮੰਗ ਵੀ ਕੀਤੀ।

## ਯੂ. ਕੇ. ਤੋਂ ਬਾਅਦ ਹੁਣ ਕੈਨੇਡਾ ਨੇ ਭਾਰਤ ਨੂੰ ਦਿੱਤਾ ਝਟਕਾ, ਦੋਵਾਂ ਦੇਸ਼ਾਂ 'ਚ ਰਹਿੰਦੇ ਭਾਰਤੀਆਂ ਦੀ ਵਧੀ ਚਿੰਤਾ



**ਨਵੀਂ ਦਿੱਲੀ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਵਿੱਚ ਰਹਿਣ ਜਾਂ ਕੰਮ ਕਰਨ ਦੇ ਚਾਹਵਾਨ ਲੋਕਾਂ ਦੀਆਂ ਉਮੀਦਾਂ ਨੂੰ ਵੱਡਾ ਝਟਕਾ ਲੱਗਿਆ ਹੈ। ਉੱਥੋਂ ਦੀ ਮੌਜੂਦਾ ਸਰਕਾਰ ਨੇ ਕੈਨੇਡਾ ਆਉਣ ਵਾਲੇ ਅਸਥਾਈ ਨਿਵਾਸੀਆਂ ਦੀ ਗਿਣਤੀ ਘਟਾਉਣ ਦਾ ਐਲਾਨ ਕੀਤਾ ਹੈ। ਦੇਸ਼ ਦੇ ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਦਾ ਕਹਿਣਾ ਹੈ ਕਿ ਉਹ ਅਸਥਾਈ ਨਿਵਾਸੀਆਂ ਦੀ ਗਿਣਤੀ 6.2 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰਨ ਜਾ ਰਹੇ ਹਨ। ਪਿਛਲੇ ਵੀਰਵਾਰ (21 ਮਾਰਚ 2024) ਨੂੰ ਰਾਜਧਾਨੀ ਓਟਵਾ ਵਿੱਚ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਰੁਜ਼ਗਾਰ ਮੰਤਰੀ ਰੈਂਡੀ ਬੋਇਸਨੋਟ ਨੇ ਕਿਹਾ ਕਿ ਸਾਡੀ ਸਰਕਾਰ ਖੇਤੀਬਾੜੀ ਵਰਗੇ ਕੁਝ ਖੇਤਰਾਂ ਨੂੰ ਛੱਡ ਕੇ ਅਸਥਾਈ ਵਿਦੇਸ਼ੀ ਕਾਮਿਆਂ ਦੀ ਗਿਣਤੀ 30 ਪ੍ਰਤੀਸ਼ਤ ਤੋਂ ਘਟਾ ਕੇ 20 ਪ੍ਰਤੀਸ਼ਤ ਕਰਨ ਲਈ ਕੰਮ ਕਰ ਰਹੀ ਹੈ। ਦੱਸ ਦਈਏ ਅਜੋਕੇ ਸਮੇਂ ਵਿੱਚ ਕੈਨੇਡਾ ਦੀ ਆਬਾਦੀ ਬਹੁਤ ਤੇਜ਼ੀ ਨਾਲ ਵਧੀ ਹੈ। ਇਸ ਪਿੱਛੇ ਮੁੱਖ ਕਾਰਨ ਆਰਜ਼ੀ ਵਸਨੀਕਾਂ ਦੀ ਆਬਾਦੀ ਦੱਸੀ ਜਾਂਦੀ ਹੈ। ਅਸਥਾਈ ਨਿਵਾਸੀਆਂ ਵਿੱਚ ਉਹ ਲੋਕ ਸ਼ਾਮਲ ਹੁੰਦੇ ਹਨ ਜੋ ਪੜ੍ਹਾਈ ਲਈ ਜਾਂ ਰੁਜ਼ਗਾਰ ਦੀ ਭਾਲ ਵਿੱਚ ਕਾਮਿਆਂ ਵਜੋਂ ਕੈਨੇਡਾ ਜਾਂਦੇ ਹਨ। ਮੌਜੂਦਾ ਸਰਕਾਰ ਦਾ ਕਹਿਣਾ ਹੈ ਕਿ ਅਸਥਾਈ ਵਸਨੀਕਾਂ ਦੀ ਆਬਾਦੀ ਵਧਣ ਕਾਰਨ ਦੇਸ਼ ਵਿੱਚ ਢੁਕਵੇਂ ਰਿਹਾਇਸ਼ਾਂ ਤੇ ਸਿਹਤ ਸੰਭਾਲ ਵਰਗੀਆਂ ਸੇਵਾਵਾਂ ਦੀ ਘਾਟ ਵਧਣ ਲੱਗੀ ਹੈ। ਵਰਤਮਾਨ ਵਿੱਚ ਕੈਨੇਡਾ ਵਿੱਚ ਲਗਪਗ 2.5 ਮਿਲੀਅਨ ਅਸਥਾਈ ਨਿਵਾਸੀ ਰਹਿ ਰਹੇ ਹਨ। ਇਸ ਵਿੱਚ ਸ਼ਰਨਾਰਥੀ, ਵਿਦਿਆਰਥੀ ਤੇ ਮਜ਼ਦੂਰਾਂ ਦੀ ਸਭ ਤੋਂ ਵੱਡੀ ਗਿਣਤੀ ਸ਼ਾਮਲ ਹੈ। ਇੰਡੀਅਨ ਐਕਸਪ੍ਰੈਸ ਅਨੁਸਾਰ, ਸਾਲ 2023 ਵਿੱਚ, ਭਾਰਤ ਤੋਂ ਲਗਪਗ 26,495 ਲੋਕ ਅਸਥਾਈ ਵਿਦੇਸ਼ੀ ਕਾਮਿਆਂ ਵਜੋਂ ਕੈਨੇਡਾ ਗਏ ਸਨ। ਕੈਨੇਡਾ ਵਿੱਚ ਇਸ ਵੇਲੇ ਲਗਪਗ 2.5 ਮਿਲੀਅਨ ਅਸਥਾਈ ਨਿਵਾਸੀ ਹਨ, ਜੋ ਉੱਥੋਂ ਦੀ ਕੁੱਲ ਆਬਾਦੀ ਦਾ 6.2 ਪ੍ਰਤੀਸ਼ਤ ਹੈ। ਹਾਲ ਹੀ ਵਿੱਚ ਸੰਯੁਕਤ ਅਰਬ ਅਮੀਰਾਤ ਨੇ ਆਪਣੀ ਨਵੀਂ ਵੀਜ਼ਾ ਛੋਟ ਨੀਤੀ ਦਾ ਐਲਾਨ ਕੀਤਾ ਹੈ। ਇਸ ਦੌਰਾਨ ਯੂ.ਕੇ. ਨੇ ਕਿਹਾ ਕਿ 87 ਦੇਸ਼ਾਂ ਦੇ ਨਾਗਰਿਕਾਂ ਨੂੰ ਐਂਟਰੀ ਲਈ ਪ੍ਰੀ-ਐਂਟਰੀ ਵੀਜ਼ਾ ਦੀ ਲੋੜ ਨਹੀਂ ਹੋਵੇਗੀ। ਖਾਸ ਗੱਲ ਇਹ ਹੈ ਕਿ ਭਾਰਤ ਦੇ ਯੂ. ਕੇ. ਨਾਲ ਚੰਗੇ ਸਬੰਧ ਹੋਣ ਦੇ ਬਾਵਜੂਦ ਇਸ ਸੂਚੀ 'ਚੋਂ ਭਾਰਤ ਦਾ ਨਾਂ ਗਾਇਬ ਹੈ।

# SANT BEANT SINGH JI

BER KALAN WALE | UK TOUR 2024

SAT 2ND MARCH - SUN 3RD MARCH: SOUTHAMPTON

MON 4TH MARCH - SUN 10TH MARCH 7:40-8:20PM:
NANAKSAR THATH ISHER DARBAR, WOLVERHAMPTON, WV3 0JU

MON 11TH MARCH - TUES 12TH MARCH 7:30-8:00PM:
GURU HAR RAI GURDWARA, WEST BROMWICH, B70 6JW

WED 13TH MARCH - FRI 15TH MARCH 6:45-7:45PM:
DARBAR SRI GURU GRANTH SAHIB JI, WALSALL, WS2 9EQ

SAT 16TH MARCH 7:30-8:00PM:
GURU HAR RAI GURDWARA, WEST BROMWICH, B70 6JW

SUN 17TH MARCH 2:00-3:00PM:
GURU HAR RAI GURDWARA, WEST BROMWICH, B70 6JW

SUN 17TH MARCH 6:30-7:30PM:
GURDWARA GURU NANAK PARKASH, COVENTRY, CV1 4FB

MON 18TH - SUN 24TH MARCH
7:30-8:15AM | 10:00-11:00AM | 6:30-7:15PM:
BABA SANG GURDWARA, SMETHWICK, B66 1EE

MON 25TH - SUN 31ST MARCH: SOUTHALL

SANT BEANT SINGH | WHATSAPP: +918530000006





ਪਰਮਾਤਮਾ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi


ਗਤਕਾ ਸਿੱਖੋ Learn Gatka

www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ


ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।





✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446



# ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER
WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜ਼ਮੀਨ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਗਰੰਥੀ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਗਤੀਵਿਧੀਆਂ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ ,ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫ਼ਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫ਼ਲ ਕਰੋ ਜੀ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੱਲੋ ਜ਼ਰੂਰ ਲਿਖੋ ਜੀ। ਧੰਨਵਾਦ।

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

## ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

# ਫਰੀ ਮੈਡੀਕਲ ਕੈਂਪ

**Heart Chekcup (ECG Test)**

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਸ਼ਨੀਵਾਰ ਮਿਤੀ 23.03.2024 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 3.30 ਵਜੇ ਤੱਕ

• ਹੱਡੀਆਂ ਦੇ ਮਾਹਿਰ ਡਾਕਟਰ ਪਹੁੰਚਣਗੇ • ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ।

**ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)**

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ।
2. ਔਰਤਾਂ ਦੇ ਛਾਤੀ ਤੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ PSA ਟੈਸਟ
5. ਕੈਂਸਰ ਦੇ ਮਰੀਜ਼ਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫ਼ਤ ਦਵਾਈਆਂ
8. ਆਮ ਬੀਮਾਰੀਆਂ ਸਬੰਧੀ ਸਿਰਫ਼ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ।

--✶ ਨੋਟ ✶--

ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ, ਸੋ ਸਾਰੀਆਂ ਔਰਤਾਂ ਚੈਕ ਜ਼ਰੂਰ ਕਰਵਾਉਣ।

ਆਵਾਜ਼ਿ ਕੌਮ
AWAZE QAUM
International Newspaper & WEB TV

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :**

**ਮੋ. 94630-27634, 98151-89612**

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

### INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
### EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

### AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

ੳ A अ
### MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

# ਗੁਰੂ ਨਾਨਕ ਗੁਰਦੁਆਰਾ

## ਵੇਲ ਲੇਨ, ਵੈਨਜਫੀਲਡ ਵੁਲਵਰਹੈਂਪਟਨ



ਵੈਡਨਸਫੀਲਡ ਦੀ ਸਮੂਹ ਸਾਧ ਸੰਗਤ ਵੱਲੋਂ

## ਬੰਦੀ ਸਿੰਘਾ ਦੀ ਰਿਹਾਈ ਲਈ ਅਰਦਾਸ ਸਮਾਗਮ

**24 ਮਾਰਚ, 2024 (ਦਿਨ ਐਤਵਾਰ)**

ਸ੍ਰੀ ਅਖੰਡ ਪਾਠ ਸਾਹਿਬ 22 ਮਾਰਚ ਨੂੰ ਸਵੇਰੇ 10 ਵਜੇ ਰੱਖੇ ਜਾਣਗੇ ਅਤੇ 24 ਮਾਰਚ ਨੂੰ ਸਵੇਰੇ 10 ਵਜੇ ਭੋਗ ਪੈਣਗੇ। ਉਪਰੰਤ ਧਾਰਮਿਕ ਦੀਵਾਨ ਸਜਣਗੇ



ਜ਼ਰੂਰੀ ਨੋਟ :- ਸਾਰੀਆਂ ਸੰਗਤਾਂ ਅਤੇ ਸਮੂਹ ਪੰਥਕ ਜਥੇਬੰਦੀਆਂ ਨੂੰ ਇਸ ਸਮਾਗਮ ਵਿੱਚ ਹਾਜਰੀ ਭਰਨ ਦਾ ਸੱਦਾ ਦਿੱਤਾ ਜਾਂਦਾ ਹੈ।

☛ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# GURU NANAK GURDWARA

**Well Lane, Wednesfield, Wolverhampton, England (U.K.) Post Code : WV11 1XT**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਭਾਈ ਪਰਮਜੀਤ ਸਿੰਘ ਢਾਡੀ
+44 7917 353349

ਆਵਾਜ਼ਿ ਕੌਮ AWAZE QAUM
International Newspaper & WEB TV

### ਵਿਸ਼ਵ ਟੀ.ਬੀ. ਦਿਵਸ 'ਤੇ ਪੌਦਾ ਲਗਾਇਆ

# ਜੇ ਕਿਸੇ ਨੂੰ ਦੋ ਹਫਤੇ ਤੋਂ ਜਿਆਦਾ ਖਾਂਸੀ ਹੋਵੇ ਤਾਂ ਤੁਰੰਤ ਡਾਕਟਰੀ ਜਾਂਚ ਕਰਵਾਓ—ਰਣਜੀਤ ਸਿੰਘ



ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ):— ਸਿਵਲ ਸਰਜਨ ਫਿਰੋਜਪੁਰ ਡਾ: ਮਿਨਾਕਸ਼ੀ ਦੇ ਦਿਸ਼ਾ—ਨਿਰਦੇਸ਼ਾਂ ਤਹਿ ਡਾ: ਦੀਪਕ ਚੰਦਰ ਸੀਨੀਅਰ ਮੈਡੀਕਲ ਅਫਸਰ, ਫਿਰੋਜ਼ਸ਼ਾਹ ਦੀ ਅਗਵਾਈ ਹੇਠ ਦੇਸ਼ ਨੂੰ ਟੀ.ਬੀ. ਮੁਕਤ ਬਣਾਉਣ ਅਤੇ ਤੰਦਰੁਸਤ ਪੰਜਾਬੀਆਂ ਦੀ ਕਾਮਨਾ ਕਰਦਿਆਂ ਪੰਜਾਬ ਵਿਚੋਂ ਬਿਮਾਰੀਆਂ ਨੂੰ ਭਜਾਉਣ ਦੇ ਮਨੋਰਥ ਨਾਲ ਅੱਜ ਸੀ.ਐਚ.ਸੀ ਫਿਰੋਜ਼ਸਾਹ ਵਿਖੇ ਵਿਸ਼ਵ ਟੀ.ਬੀ. ਦਿਵਸ ਮਨਾਇਆ ਗਿਆ।

ਸੈਮੀਨਾਰ ਦੌਰਾਨ ਰਣਜੀਤ ਸਿੰਘ ਐਸ.ਟੀ.ਐਸ. ਫਿਰੋਜ਼ਸਾਹ ਨੇ ਮੌਜੂਦ ਆਸ਼ਾ ਵਰਕਰਾਂ ਨੂੰ ਟੀ.ਬੀ. ਦੀ ਟ੍ਰੇਨਿੰਗ ਦਿੰਦੀਆ ਕਿਹਾ ਕਿ ਕਈ ਵਾਰ ਟੀ.ਬੀ. ਦਾ ਮਰੀਜ਼ ਬਿਮਾਰੀ ਨਾਲ ਪੀੜ੍ਹਤ ਹੁੰਦਾ ਹੈ, ਜਿਸ ਦੇ ਚਲਦਿਆਂ ਥੋੜ੍ਹੀ ਬਹੁਤ ਕਮਜੋਰੀ ਮਹਿਸੂਸ ਹੋਣ ਦੀ ਸੂਰਤ ਵਿਚ ਪੂਰਾ ਚੈੱਕਅਪ ਕਰਵਾਉਣਾ ਹੀ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਟੀ.ਬੀ. ਦੇ ਲੱਛਣਾਂ ਤੋਂ ਜਾਣੂ ਕਰਵਾਉਂਦਿਆਂ ਨੇਹਾ ਭੰਡਾਰੀ ਬੀ.ਈ.ਈ. ਅਤੇ ਰਣਜੀਤ ਸਿੰਘ ਐਸ.ਟੀ.ਐਸ. ਨੇ ਇਸ ਮੌਕੇ ਲੋਕਾਂ ਨੂੰ ਦੱਸਿਆ ਕਿ ਜੇ ਕਿਸੇ ਨੂੰ ਦੋ ਹਫਤੇ ਤੋਂ ਜਿਆਦਾ ਖਾਂਸੀ, ਬੁਖਾਰ ਨਾ ਟੁੱਟਣਾ, ਬਿਨਾਂ ਵਜ੍ਹਾ ਤੋਂ ਭਾਰ ਘਟਣਾ, ਰਾਤ ਨੂੰ ਸੋਦੇ ਸਮੇਂ ਤਰੇਲੀਆਂ ਆਉਂਦੀਆਂ ਹਨ ਤਾਂ ਉਸ ਨੂੰ ਆਪਣਾ ਚੈਕਐਪ ਕਰਵਾਉਣਾ ਚਾਹੀਦਾ ਹੈ ਤਾਂ ਜੋ ਸਮੇਂ ਸਿਰ ਵਿਅਕਤੀ ਦਾ ਇਲਾਜ ਹੋ ਸਕੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਟੀ.ਬੀ. ਹੋਣ ਦੀ ਸੂਰਤ ਵਿਚ ਮਨੁੱਖ ਦੀ ਛਾਤੀ ਵਿਚ ਥੋੜ੍ਹਾ—ਥੋੜ੍ਹਾ ਦਰਦ ਰਹਿਣ ਜਾਂ ਖਾਂਸੀ ਦੌਰਾਨ ਬਲਗਮ ਆਉਣ ਤੇ ਤੁਰੰਤ ਮਾਹਿਰ ਡਾਕਟਰ ਨਾਲ ਸਪੰਰਕ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹੋਰਨਾਂ ਬਿਮਾਰੀਆਂ ਵਾਂਗ ਟੀ.ਬੀ. ਰੋਗ ਦਾ ਵੀ ਇਲਾਜ ਸਿਹਤ ਕੇਂਦਰਾਂ ਵਿਚ ਮੁਫ਼ਤ ਹੈ ਜਿਸ ਨਾਲ 6 ਮਹੀਨੇ ਵਿਚ ਬਿਮਾਰੀ ਤੋਂ ਸਦਾ ਲਈ ਛੁਟਕਾਰਾ ਮਿਲ ਜਾਂਦਾ ਹੈ। ਇਸ ਮੌਕੇ ਪੌਦਾ ਵੀ ਲਗਾਇਆ ਗਿਆ। ਇਸ ਮੌਕੇ ਨਵਿੰਦਰ ਕੌਰ ਐਲ.ਟੀ, ਜਗਜੀਤ ਸਿੰਘ ਆਈ.ਏ, ਮੁਕੇਸ਼ ਕੁਮਾਰ ਬੀ.ਐਸ.ਏ, ਸੁਮਿਤ ਕੁਮਾਰ ਅਕਾਊਂਟੈਂਟ, ਹਰਜਿੰਦਰ ਸਿੰਘ ਨਾਗਪਾਲ ਸੀ.ਓ, ਮਨਪ੍ਰੀਤ ਕੌਰ ਸੀ.ਐਚ.ਓ, ਗੁਰਪ੍ਰੀਤ ਕੌਰ ਸੀ.ਐਚ.ਓ ਤੇ ਵੱਡੀ ਗਿਣਤੀ ਵਿੱਚ ਸਟਾਫ ਅਤੇ ਆਸ਼ਾ ਵਰਕਰਜ਼ ਹਾਜਰ ਸਨ।

### ਸੀ.ਐਚ.ਸੀ ਮਮਦੋਟ ਵਿਖੇ ਮਨਾਇਆ ਵਿਸ਼ਵ ਓਰਲ ਹੈਲਥ ਦਿਵਸ

# ਦੰਦਾਂ ਦੀ ਸਾਂਭ-ਸੰਭਾਲ ਜਰੂਰੀ—ਡਾ ਰਮਨ ਗੁਪਤਾ





ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :— ਸਿਵਲ ਸਰਜਨ ਫਿਰੋਜ਼ਪੁਰ ਡਾ: ਮੀਨਾਕਸ਼ੀ ਢੀਂਗਰਾ ਅਤੇ ਡਾ: ਪੰਕਜ ਗੁਪਤਾ ਜਿਲ੍ਹਾ ਡੈਂਟਲ ਸਿਹਤ ਅਫਸਰ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਸੀ.ਐਚ.ਸੀ ਮਮਦੋਟ ਵਿਖੇ ਡਾ: ਰਮਨ ਗੁਪਤਾ ਸੀਨੀਅਰ ਮੈਡੀਕਲ ਅਫਸਰ ਰਹਿਨੁਮਾਈ ਹੇਠ ਵਿਸ਼ਵ ਓਰਲ ਹੈਲਥ ਦਿਵਸ ਮਨਾਇਆ ਗਿਆ। ਇਸ ਮੌਕੇ ਡਾ: ਰਮਨ ਐਸ.ਐਮ.ਓ, ਡਾ: ਰੇਖਾ, ਡਾ: ਪਲਵੀ ਓਰਲ ਅਤੇ ਮੈਗਸੀਲੋਫੈਸੀਅਲ ਸਰਜਨ, ਅੰਕੁਸ਼ ਭੰਡਾਰੀ ਬੀ.ਈ.ਈ ਨੇ ਹਸਪਤਾਲ ਵਿੱਚ ਆਏ ਮਰੀਜ਼ ਅਤੇ ਨਰਸਿੰਗ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਵਿਸ਼ਵ ਓਰਲ ਹੈਲਥ ਦਿਵਸ ਹਰ ਸਾਲ ਵਿਸ਼ਵ ਪੱਧਰ ਤੇ ਲੋਕਾਂ ਨੂੰ ਮੂੰਹ ਦੀ ਸਫਾਈ ਪ੍ਰਤੀ ਜਾਗਰੂਕ ਕਰਨ ਅਤੇ ਮੂੰਹ ਦੀ ਸਿਹਤ ਨੂੰ ਬਣਾਈ ਰੱਖਣ ਲਈ ਜ਼ਰੂਰੀ ਆਦਤਾਂ ਅਪਣਾਉਣ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਮਨਾਇਆ ਜਾਂਦਾ ਹੈ। ਇਸ ਸਾਲ ਇਹ ਦਿਨ ਮੂੰਹ ਦੀ ਸਿਹਤ ਦੀ ਮਹੱਤਤਾ, ਸਰੀਰਕ ਅਤੇ ਮਾਨਸਿਕ ਸਿਹਤ ਲਈ ਇਸ ਦੀ ਜ਼ਰੂਰਤ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਇੱਕ ਖੁਸ਼ ਮੂੰਹ, ਇੱਕ ਖੁਸ਼ਹਾਲ ਸਰੀਰ ਵਿਸ਼ੇ ਤੇ ਮਨਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਦੰਦਾਂ ਦੀ ਸਫਾਈ ਦਾ ਧਿਆਨ ਨਾ ਰੱਖਣ ਕਾਰਨ ਦੰਦਾਂ ਦਾ ਸੜਨਾ, ਸਾਹ ਦੀ ਬਦਬੂ, ਦੰਦਾਂ ਦਾ ਪੀਲਾ ਪੈਣਾ, ਦੰਦਾਂ ਦਾ ਕਮਜ਼ੋਰ ਅਤੇ ਢਿੱਲੇ ਹੋ ਜਾਣਾ ਅਤੇ ਮਸੂੜੇ ਜਲਦੀ ਟੁੱਟਣ ਦੀ ਸੰਭਾਵਨਾ ਵੱਧ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਸਮੱਸਿਆਵਾਂ ਦਾ ਸਮੇਂ ਸਿਰ ਇਲਾਜ ਨਾ ਕੀਤਾ ਜਾਵੇ, ਤਾਂ ਮੂੰਹ ਜਾਂ ਗਲੇ ਵਿੱਚ ਇਨਫੈਕਸ਼ਨ, ਮੂੰਹ ਦੇ ਕਿਸੇ ਹਿੱਸੇ ਨਾਲ ਸਬੰਧਤ ਕੈਂਸਰ, ਦਿਲ ਦੀ ਬਿਮਾਰੀ, ਸ਼ੂਗਰ, ਗੁਰਦੇ ਦੀ ਬਿਮਾਰੀ ਅਤੇ ਗਰਭਵਤੀ ਔਰਤਾਂ ਨੂੰ ਗਰਭ ਅਵਸਥਾ ਦੌਰਾਨ ਜਟਿਲਤਾਵਾਂ ਜਾਂ ਜਲਦੀ ਡਿਲੀਵਰੀ ਦੇ ਜੋਖਮ ਦਾ ਖਤਰਾ ਵਧ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮੂੰਹ ਦੀ ਸਿਹਤ ਨੂੰ ਬਣਾਈ ਰੱਖਣ ਲਈ ਕੁਝ ਚੰਗੀਆਂ ਆਦਤਾਂ ਨੂੰ ਅਪਨਾਉਣਾ ਅਤੇ ਕੁਝ ਗੱਲਾਂ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ। ਜਿਵੇਂ ਕਿ ਦਿਨ ਵਿਚ ਘੱਟੋ—ਘੱਟ ਦੋ ਵਾਰ ਨਰਮ ਬੁਰਸ਼ ਨਾਲ ਦੰਦਾਂ ਨੂੰ ਨਿਯਮਿਤ ਤੌਰ ਤੇ ਸਾਫ਼ ਕਰੋ, ਹਫ਼ਤੇ ਵਿੱਚ 1—2 ਵਾਰ ਫਲਾਸਿੰਗ ਕਰੋ, ਮਸੂੜਿਆਂ ਦੀ ਨਿਯਮਤ ਮਾਲਿਸ਼ ਵੀ ਬਹੁਤ ਫਾਇਦੇਮੰਦ ਹੁੰਦੀ ਹੈ, ਕਿਉਂਕਿ ਇਹ ਮੂੰਹ ਵਿੱਚ ਖੂਨ ਸੰਚਾਰ ਨੂੰ ਬਿਹਤਰ ਬਣਾਉਂਦਾ ਹੈ, ਜਿੱਥੋਂ ਤੱਕ ਹੋ ਸਕੇ ਤਾਜ਼ਾ ਅਤੇ ਪਚਣ ਵਾਲਾ ਭੋਜਨ ਖਾਓ, ਜਿਸ ਵਿੱਚ ਤਾਜ਼ੇ ਫਲ, ਹਰੀਆਂ ਪੱਤੇਦਾਰ ਸਬਜ਼ੀਆਂ ਅਤੇ ਸਾਬਤ ਅਨਾਜ ਨੂੰ ਭਰਪੂਰ ਮਾਤਰਾ ਵਿਚ ਸ਼ਾਮਿਲ ਕਰਨਾ ਚਾਹੀਦਾ ਹੈ, ਫਾਸਟ ਫੂਡ ਤੋਂ ਪ੍ਰਹੇਜ ਕੀਤਾ ਜਾਵੇ, ਭੋਜਨ ਨੂੰ ਚੰਗੀ ਤਰ੍ਹਾਂ ਚਬਾਓ, ਭੋਜਨ ਨੂੰ ਚੰਗੀ ਤਰ੍ਹਾਂ ਚਬਾਉਣ ਨਾਲ ਮੂੰਹ ਚ ਜ਼ਰੂਰੀ ਐਨਜ਼ਾਈਮਜ਼ ਸਹੀ ਢੰਗ ਨਾਲ ਨਿਕਲਦੇ ਹਨ ਜੋ ਪਾਚਨ ਕਿਰਿਆ ਨੂੰ ਠੀਕ ਰੱਖਣ ਚ ਬਹੁਤ ਫਾਇਦੇਮੰਦ ਹੁੰਦਾ ਹੈ, ਪਾਨ ਮਸਾਲਾ, ਤੰਬਾਕੂ ਅਤੇ ਗੁਟਖਾ ਆਦਿ ਦੇ ਸੇਵਨ ਅਤੇ ਸਿਗਰਟਨੋਸ਼ੀ ਤੋਂ ਬਚੋ, ਸਾਲ ਵਿੱਚ ਘੱਟ ਤੋਂ ਘੱਟ 2 ਵਾਰ ਤੁਹਾਨੂੰ ਆਪਣੇ ਦੰਦਾਂ ਦੇ ਡਾਕਟਰ ਨੂੰ ਆਪਣੇ ਮੂੰਹ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਜੋ ਜੇਕਰ ਦੰਦਾਂ ਜਾਂ ਮੂੰਹ ਵਿੱਚ ਕੋਈ ਸਮੱਸਿਆ ਹੋਵੇ ਤਾਂ ਉਸ ਦਾ ਸਮੇਂ ਸਿਰ ਪਤਾ ਲਗਾਇਆ ਜਾ ਸਕੇ ਅਤੇ ਇਸ ਦਾ ਇਲਾਜ ਕੀਤਾ ਜਾ ਸਕੇ। ਜਾਗਰੂਕਤਾ ਕੈਂਪ ਵਿਚ ਡਾਕਟਰ ਸਤਨਾਮ, ਸ਼ਕਤੀ ਸੀਨੀਅਰ ਸਹਾਇਕ, ਮਹਿੰਦਰਪਾਲ ਹੈਲਥ ਵਰਕਰ ਸਮੇਤ ਪੈਰਾ ਮੈਡੀਕਲ ਆਦਿ ਸਟਾਫ ਹਾਜ਼ਰ ਸਨ।

# ਭਾਈ ਮਰਦਾਨਾ ਯਾਦਗਾਰੀ ਸੁਸਾਇਟੀ ਹੁਣ ਤੱਕ 866 ਲੜਕੀਆਂ ਦੇ ਵਸਾ ਚੁੱਕੀ ਏ ਘਰ—ਭੁੱਲਰ



ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :— ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਸੀਨੀਅਰ ਮੀਤ ਪ੍ਰਧਾਨ ਸੋਹਨ ਸਿੰਘ, ਜਰਨਲ ਸਕੱਤਰ ਸਰਬਜੀਤ ਸਿੰਘ ਛਾਬੜਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸੁਸਾਇਟੀ ਵੱਲੋਂ ਹੁਣ ਤੱਕ 866 ਲੜਕੀਆਂ ਦੇ ਵਿਆਹ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ 2025 ਵਿਚ ਪਾਕਿਸਤਾਨ ਜਾਕੇ ਇਕ ਜ਼ਰੂਰੀ ਵਿਚਾਰ ਕੀਤ ਜਾਵੇਗੀ, ਕੀ ਗੁਰੂ ਸਿੱਖ ਲੋੜਵੰਦ ਜ਼ੋੜਿਆਂ ਦੇ ਵਿਆਹ ਪਾਕਿਸਤਾਨ ਸਾਹਿਬ ਵਿਖੇ ਇਹ ਵਿਆਹ ਕੀਤੇ ਜਾਣਗੇ, ਸਾਡੀ ਇਹ ਕੋਸ਼ਿਸ਼ ਹੋਵੇਗੀ, ਪਾਕਿ ਵਿਖੇ ਲੋੜਵੰਦ ਅਤੇ ਗੁਰੂ ਸਿੱਖ ਜ਼ੋੜਿਆਂ ਦੇ ਅਸੀਂ ਵਿਆਹ ਕਰ ਸਕੀਏ, ਜਨਮ ਅਸਥਾਨ ਹੈ, ਇਥੋਂ ਦੇ ਮੁਖੀ ਰਾਇ ਬੁਲਾਰ ਭੱਟੀ ਸਨ, ਜਿਨ੍ਹਾਂ ਸੈਂਕੜੇ ਏਕੜ ਜਮੀਨ ਗੁਰੂ ਨਾਨਕ ਸਾਹਿਬ ਜੀ ਦੇ ਨਾਮ ਲਵਾਈ, ਅਸੀਂ ਲਹਿੰਦੇ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ ਨੂੰ ਇਕ ਪੱਤਰ ਦੇ ਕੇ ਮੰਗ ਕਰਾਂਗੇ, ਕੀ ਨਨਕਾਣਾ ਸਾਹਿਬ ਯੂਨੀਵਰਸਿਟੀ ਵਿਖੇ ਭਾਈ ਮਰਦਾਨਾ ਜੀ ਚੇਅਰ ਕਾਇਮ ਕੀਤੀ ਜਾਵੇਗੀ ਅਤੇ ਮੁੱਖ ਮੰਤਰੀ ਮਰੀਅਮ ਨਵਾਜ ਨੂੰ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਵਿਚ ਬੰਦ ਪਏ ਗੁਰਦੁਆਰਾ ਨੂੰ ਸਹਿਜੇ—ਸਹਿਜੇ ਸੇਵਾ ਰਾਹੀਂ ਆਰੰਭ ਕੀਤਾ ਜਾਵੇਗਾ। ਅਸੀਂ ਦੇਸ਼ ਵਿਦੇਸ਼ ਦੇ ਸਿੱਖਾਂ ਨੂੰ ਅਪੀਲ ਕਰਾਂਗੇ ਕੀ ਉਹ ਲੋੜਵੰਦ ਪਰਿਵਾਰਾਂ ਦੇ ਵਿਆਹਾਂ ਲਈ ਸਾਨੂੰ ਸਹਿਯੋਗ ਦੇਣ, ਪਹਿਲਾਂ ਅਸੀਂ ਇਹ ਸਰਵੇ ਕਰ ਲਈਐ, ਕੀ ਵਿਆਹੇ ਜ਼ੋੜਿਆਂ ਵਿਚ ਸਾਨੂੰ ਮੁਸ਼ਿਕਲ ਨਾ ਆਵੇ, ਉਹ ਸਾਡੇ ਜਥੇ ਵਿਚ ਗਏ ਪਾਰਟੀ ਲੀਡਰ ਜਗਜੀਤ ਸਿੰਘ ਭੁੱਲਰ ਨਾਲ ਗੱਲਬਾਤ ਕਰ ਸਕਣ, ਅਸੀਂ ਪਾਕਿ ਕਮੇਟੀ ਅਤੇ ਸ਼੍ਰੋਮਣੀ ਕਮੇਟੀ ਦਾ ਵੀ ਸਹਿਯੋਗ ਹਾਸਲ ਕਰਾਂਗੇ, ਅਸੀਂ ਪੰਜਾਬ ਸੀ.ਐਮ ਮਰੀਅਮ ਨਵਾਜ ਜੀ ਦੇ ਧੰਨਵਾਦੀ ਹਾਂ ਅਤੇ ਬੜੀਆਂ ਉਮੀਦਾਂ ਰੱਖਦੇ ਹਾਂ।


# ਪਾਰਕ ਦੇ ਮੁਖ ਦਰਵਾਜੇ ਸਾਹਮਣੇ ਲੱਗੇ ਕੂੜਾ ਡੰਪ ਦੀ ਬਦਬੂ ਬਿਮਾਰੀਆਂ ਨੂੰ ਦੇ ਰਹੀਆਂ ਨੇ ਸੱਦਾ— ਦੇਵ ਰਾਜ ਖੁੱਲਰ





ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :— ਡਾ: ਅਨੀਲ ਬਾਗੀ ਪਾਰਕ ਚੌਂਕ ਨਾਮਦੇਵ, ਫਿਰੋਜਪੁਰ ਸ਼ਹਿਰ ਵਿਖੇ, ਜਿੱਥੇ ਸਹਿਰ ਦੇ ਬਜੁਰਗ, ਬੱਚੇ, ਜਵਾਨ, ਚੰਗੀ ਸਿਹਤ ਦੀ ਸੋਚ ਨਾਲ ਸੈਰ, ਯੋਗਾ, ਜਿੰਮ ਆਦਿ ਲਈ ਸਵੇਰ—ਸ਼ਾਮ ਪਹੁੰਚਦੇ ਹਨ ਦੇ ਸਾਹਮਣੇ ਲੱਗਾ ਕੂੜੇ ਦਾ ਢੇਰ ਇਨ੍ਹਾਂ ਬਜ਼ੁਰਗਾਂ ਨੂੰ ਬਿਮਾਰੀਆਂ ਵੱਲ ਧਕੇਲਣ ਦਾ ਯਤਨ ਕਰ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੀ ਦੇਵ ਰਾਜ ਖੁੱਲਰ ਨੇ ਕਰਦਿਆਂ ਕਿਹਾ ਕਿ ਬੜੇ ਅਫਸੋਸ ਦੀ ਗੱਲ ਹੈ ਕਿ ਪਾਰਕ ਦੇ ਮੁੱਖ ਦਰਵਾਜੇ ਸਾਹਮਣੇ ਸਥਾਨਕ ਮਿਊਂਸੀਪਲ ਕਮੇਟੀ ਵੱਲੋਂ ਕਚਰਾ—ਕੂੜਾ ਡੰਪ ਬਣਾ ਦਿੱਤਾ ਹੈ, ਜਿਥੋਂ ਹਰ ਵੇਲੇ ਬਦਬੂ ਆਉਂਦੀ ਰਹਿੰਦੀ ਹੈ, ਜਦੋਂ ਪਾਰਕ ਵਿਚ ਆਉਣ ਵਾਲਿਆਂ ਸਮੇਤ ਇਸ ਸੜਕ ਤੋਂ ਲੰਘਦੇ ਲੋਕਾਂ ਨੂੰ ਹਰ ਵੇਲੇ ਬਿਮਾਰੀਆਂ ਲੱਗਣ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਕਿ ਸਬੰਧਤ ਅਧਿਕਾਰੀ ਆਮ ਆਦਮੀ ਦਾ ਮਖੌਲ ਉਡਾ ਰਹੇ ਹਨ ਜਾਂ ਤੰਦਰੁਸਤ ਚੋਗਿਰਦਾ ਨਹੀਂ ਬਿਮਾਰੀ ਫੈਲਾਉਣਾ ਮੁੱਖ ਮਕਸੱਦ ਹੈ, ਇਹਨਾ ਦਾ ਕਾਰਨ ਕੋਈ ਵੀ ਹੋਵੇ, ਪਾਰਕ ਤੇ ਕਚਰਾ—ਕੂੱੜਾ ਡੰਪ ਦਾ ਮੇਲ, ਸਮਝ ਤੋਂ ਬਾਹਰ ਤੇ ਦੁੱਖ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਪਿਛਲੇ ਇਕ ਸਾਲ ਤੋਂ ਵਾਰ—ਵਾਰ ਬੇਨਤੀਆਂ ਕਰਨ ਦੇ ਬਾਵਜੂਦ ਕਿਸੇ ਦਾ ਕੋਈ ਧਿਆਨ ਨਹੀਂ। ਉਨ੍ਹਾਂ ਕਿਹਾ ਕਿ ਹਾ ਹਾ ਹੀ ਹੈਪੀ ਗਰੁੱਪ, ਜੋ ਤੰਦਰੁਸਤ ਚੋਗਿਰਦਾ ਸਿਰਜਨ ਦੇ ਮਕਸੱਦ ਨਾਲ 6—7 ਸਾਲ ਤੋਂ ਸਮਾਜ ਪ੍ਰਤੀ ਆਪਣੀ ਬਣਦੀ ਜਿਮੇਵਾਰੀ, ਸਾਈਕਲਿੰਗ—ਯੋਗਾ ਰਾਹੀਂ ਨਿਭਾਉਣ ਦੀ ਕੋਸ਼ਿਸ ਕਰਦਾ ਹੈ, ਸੰਬਧਿਤ ਅਧਿਕਾਰੀਆਂ ਤੋਂ ਬਣਦੀ ਨੈਤਿਕ ਜਿਮੇਵਾਰੀ ਨਿਭਾਉਣ ਦੀ ਬੇਨਤੀ ਕਰਦਾ ਹੈ। ਗਰੁੱਪ ਕੋਆਰਡੀਨੇਟਰ ਦੇਵ ਰਾਜ ਖੁੱਲਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਥਾਨਿਕ ਡਿਪਟੀ ਕਮਿਸ਼ਨਰ ਤੇ ਰਾਜ ਦੇ ਮੁੱਖ ਮੰਤਰੀ ਦੇ ਦਫਤਰ ਨੂੰ, ਮੇਲ ਰਾਹੀਂ ਇਸ ਮੁੱਦੇ ਵੱਲ ਧਿਆਨ ਦੇਣ ਦੀ ਬੇਨਤੀ ਕੀਤੀ ਗਈ ਹੈ, ਪਰ ਲੋਕਲ ਪ੍ਰਸ਼ਾਸਨ ਅਜੇ ਤੱਕ ਬੇਖਬਰ ਹੈ ਅਤੇ ਵੱਡੀ ਬਿਮਾਰੀ ਫੈਲਣ ਦਾ ਇੰਤਜ਼ਾਰ ਕਰ ਰਿਹਾ ਹੈ।

# ਸ਼੍ਰੋਮਣੀ ਅਕਾਲੀ ਦਲ ਫਤਹਿ ਦੇ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਫ਼ਿਰੋਜ਼ਪੁਰ ਤੋਂ ਚੋਣ ਲੜਨ ਦਾ ਐਲਾਨ



ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਫਤਿਹ ਦੇ ਜ਼ਸਕਰਨ ਸਿੰਘ ਕਾਹਨ ਸਿੰਘ ਵਾਲਾ ਪ੍ਰਧਾਨ ਨੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜੇਕਰ ਲੋਕ ਸਭਾ ਹਲਕਾ ਫ਼ਿਰੋਜ਼ਪੁਰ ਦੇ ਨਿਵਾਸੀ ਮੈਨੂੰ ਵੋਟ ਪਾ ਕੇ ਮੈਂਬਰ ਪਾਰਲੀਮੈਂਟ ਭੇਜਦੇ ਹਨ ਤਾਂ ਮੈਂ ਸਭ ਤੋਂ ਪਹਿਲਾਂ ਫ਼ਿਰੋਜ਼ਪੁਰ ਨਿਵਾਸੀਆਂ ਦੀ ਆਵਾਜ਼ ਜੋ ਕਿ ਅੱਜ ਤੱਕ ਕਿਸੇ ਵੀ ਪਾਰਲੀਮੈਂਟ ਮੈਂਬਰ ਨੇ ਨਹੀਂ ਉਠਾਈ, ਕਿਉਂਕਿ 1947 ਤੋਂ ਲੈ ਕੇ ਹੁਣ ਤੱਕ ਫ਼ਿਰੋਜ਼ਪੁਰ ਨਿਵਾਸੀ ਬਾਰਡਰ ਤੇ ਪਛੜੇ ਇਲਾਕੇ ਵਿਚ ਰਹਿੰਦੇ ਹਨ, ਜਿਥੇ ਸਾਲ ਮੌਕੇ ਅਤੇ ਹੜ੍ਹਾਂ ਦੀ ਮਾਰ ਦਾ ਸਾਹਮਣਾ ਕਰਦੇ ਹਨ ਅਤੇ ਲੋਕਾਂ ਦੇ ਰੋਜ਼ਗਾਰ ਲਈ ਕੋਈ ਵੱਡੀ ਇੰਡਸਟਰੀ ਨਹੀਂ ਹੈ, ਮੈਂ ਇਸ ਦੀ ਆਵਾਜ਼ ਪਾਰਲੀਮੈਂਟ ਵਿਚ ਸਭ ਤੋਂ ਪਹਿਲਾਂ ਉਠਾਵਾਂਗਾ, ਬਾਰਡਰ ਖੁਲਵਾਉਣ ਦਾ ਜ਼ੋ ਕਿ ਫ਼ਾਜ਼ਿਲਕਾ ਸੁਲੇਮਾਨ ਬਾਰਡਰ, ਹੁਸੈਨੀਵਾਲਾ ਬਾਰਡਰ, ਵਾਹਗਾ ਅਟਾਰੀ ਬਾਰਡਰ ਖੁਲਵਾ ਕੇ ਇਥੋਂ ਦੇ ਵਿਉਪਾਰੀ ਵਰਗ ਜਿਵੇਂ ਕਿ ਫ਼ਿਰੋਜ਼ਪੁਰ, ਫ਼ਾਜ਼ਿਲਕਾ, ਮੱਲਾਂਵਾਲਾ, ਗੁਰੂਹਰਸਹਾਏ, ਜਲਾਲਾਬਾਦ, ਤਲਵੰਡੀ ਭਾਈ, ਫਰੀਦਕੋਟ, ਬਠਿੰਡਾ, ਅਬੋਹਰ, ਹਰਿਆਣਾ ਡਬਵਾਲੀ, ਸਿਰਸਾ ਜਿਨ੍ਹਾਂ ਨੂੰ ਬਾਰਡਰ ਖੁਲਣ ਨਾਲ ਸੋਨੇ ਦੀ ਚਿੜੀਆਂ ਬਣ ਜਾਣਗੀਆਂ ਅਤੇ ਵਿਉਪਾਰੀ, ਮਜ਼ਦੂਰ, ਕਿਸਾਨ ਅਤੇ ਇਥੋਂ ਦੇ ਲੋਕਾਂ ਦਾ ਟਰਾਂਸਪੋਰਟ ਦਾ ਵਧੀਆ ਕਾਰੋਬਾਰ ਚੱਲ ਸਕਦਾ ਹੈ। ਭਾਈ ਜ਼ਸਕਰਨ ਸਿੰਘ ਕਾਹਨ ਸਿੰਘ ਵਾਲਾ ਨੇ ਅੱਗੇ ਕਿਹਾ ਕਿ ਅਸੀਂ ਇਸ ਦੇ ਨਾਲ—ਨਾਲ ਖਸ—ਖਸ ਦੀ ਖੇਤੀ ਪੰਜਾਬ ਵਿਚ ਖੇਤੀ ਕਰਨ ਦੀ ਆਵਾਜ਼ ਉਠਾਵਾਂਗੇ, ਕਿਉਂਕਿ ਜਦੋਂ ਦੂਜੇ ਸੂਬਿਆਂ ਰਾਜਸਥਾਨ, ਮੱਧ ਪ੍ਰਦੇਸ਼, ਯੂ.ਪੀ, ਬਿਹਾਰ, ਝਾਰਖੰਡ, ਉਤਰਾਖੰਡ ਸਮੇਤ ਅਨੇਕਾਂ ਸੂਬਿਆਂ ਵਿਚ ਸਰਕਾਰ ਨੂੰ ਖੁੱਲ ਦਿੱਤੀ ਹੋਈ ਹੈ ਤਾਂ ਪੰਜਾਬ ਵਿਚ ਕਿਉਂ ਨਹੀਂ ਖੁੱਲ ਦਿੱਤੀ, ਜੇਕਰ ਪੰਜਾਬ ਵਿਚ ਖਸ—ਖਸ ਦੀ ਖੇਤੀ ਹੋ ਜਾਂਦੀ ਹੈ ਤਾਂ ਇਥੇ ਨਸ਼ੇ ਦਾ ਅੰਤ ਹੋ ਜਾਵੇਗਾ ਅਤੇ ਲੋਕ ਆਮਦਨ ਪੱਖੋਂ ਖੁਸ਼ਹਾਲ ਹੋ ਜਾਣਗੇ।

# ਪੰਜਾਬ ਫਾਰੈਸਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦਾ ਵਫਦ ਪ੍ਰਧਾਨ ਮੁੱਖ ਵਣਪਾਲ ਪੰਜਾਬ ਨੂੰ ਮਿਲਿਆ


ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :— ਪੰਜਾਬ ਫਾਰੈਸਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਸੰਵਿਧਾਨ ਕਮੇਟੀ ਦੀ ਮੀਟਿੰਗ ਵਣ ਭਵਨ ਸੈਕਟਰ 68 ਮੋਹਾਲੀ ਵਿਖੇ ਹੋਈ। ਜਿਸ ਦੀ ਪ੍ਰਧਾਨਗੀ ਸ੍ਰੀ ਰਣਧੀਰ ਸਿੰਘ ਚੱਕਲ ਨੇ ਕੀਤੀ, ਜਿਸ ਵਿਚ ਕਮੇਟੀ ਮੈਂਬਰ ਸ੍ਰੀ ਸੁਰਿੰਦਰ ਸਿੰਘ ਰੋਪੜ, ਮਨਜੀਤ ਸਿੰਘ ਖਰੜ, ਭਜਨ ਸਿੰਘ ਸੰਗਰੂਰ, ਰਵੀ ਕੁਮਾਰ ਬਰਗਾੜੀ, ਬਲਜੀਤ ਸਿੰਘ ਕੰਗ ਸ੍ਰੀ ਮੁਕਤਸਰ ਸਾਹਿਬ, ਸੁਖਪਾਲ ਸਿੰਘ ਜਨਰਲ ਸਕੱਤਰ, ਰਛਪਾਲ ਸਿੰਘ ਬਠਿੰਡਾ, ਮਲਕੀਤ ਸਿੰਘ ਸ੍ਰੀ ਆਨੰਦਪੁਰ ਸਾਹਿਬ ਆਦਿ ਸ਼ਾਮਲ ਹੋਏ। ਇਸ ਮੌਕੇ ਐਸੋਸੀਏਸ਼ਨ ਦੇ ਸੰਵਿਧਾਨ ਸਬੰਧੀ ਗੰਭੀਰ ਚਰਚਾ ਹੋਈ, ਜਿਸ ਉਪਰੰਤ ਵੱਖ—ਵੱਖ ਸਾਥੀਆਂ ਨੇ ਆਪੋ—ਆਪਣੇ ਸੁਟਾਓ ਸਤਿਕਾਰ ਸਹਿਤ ਦਰਜ ਕਰਵਾਏ। ਇਸ ਉਪਰੰਤ ਸ੍ਰੀ ਰਣਧੀਰ ਸਿੰਘ ਕਮੇਟੀ ਪ੍ਰਧਾਨ ਦੀ ਪ੍ਰਧਾਨਗੀ ਵਿਚ ਐਸੋਸੀਏਸ਼ਨ ਦਾ ਵਫਦ ਪ੍ਰਧਾਨ ਮੁੱਖ ਵਣਪਾਲ ਪੰਜਾਬ ਸ੍ਰੀ ਰਮਨ ਕਾਂਤ ਮਿਸ਼ਰਾ ਆਈ.ਐਫ.ਐਸ ਨੂੰ ਮਿਲਿਆ, ਜਿਨ੍ਹਾਂ ਨੇ ਕੰਮਾਂ ਦੇ ਰੁਝੇਵਿਆਂ ਦੇ ਬਾਵਜੂਦ ਐਸੋਸੀਏਸ਼ਨ ਨੂੰ ਗੱਲਬਾਤ ਦਾ ਸਮਾਂ ਦਿੱਤਾ। ਇਸ ਮੌਕੇ ਮ੍ਰਿਤਕ ਵਣ ਗਾਰਡ ਸ੍ਰੀ ਸੁਖਚੈਨ ਸਿੰਘ ਫ਼ਿਰੋਜ਼ਪੁਰ ਦੇ ਲੜਕੇ ਕਰਨਵੀਰ ਦੀ ਨੌਕਰੀ, ਸ੍ਰੀ ਮਹਿੰਦਰ ਸਿੰਘ ਫਾਰੈਸਟ ਦੀ ਗਰੈਚੂਇਟੀ, ਬਲਜੀਤ ਸਿੰਘ ਕੰਗ ਦੇ ਵਿਭਾਗੀ ਕੇਸ, ਰਵੀ ਕੁਮਾਰ ਦੇ ਪਰਮੋਸ਼ਨ ਕੇਸ, ਸੁਰਿੰਦਰ ਸਿੰਘ ਦੇ ਕੇਸ ਸਬੰਧੀ ਵਿਚਾਰਾਂ ਕੀਤੀਆਂ।

### ਕੌਮੀ ਯੋਧੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੇ

# 40ਵੇਂ ਸ਼ਹੀਦੀ ਸਮਾਗਮ ਪਿੰਡ ਆਰਿਫਕੇ ਵਿਖੇ ਉਨ੍ਹਾਂ ਦੇ ਗ੍ਰਹਿ ਵਿਖੇ ਮਨਾਈ ਗਈ









**ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :—** ਜੂਨ 1984 ਦੇ ਘੱਲੂਘਾਰੇ ਵਿਚ ਸ਼ਹਾਦਤ ਦਾ ਜਾਮ ਪੀਣ ਵਾਲੇ ਦਮਦਮੀ ਟਕਸਾਲ ਦੇ ਜੁਝਾਰੂ ਯੋਧੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਯਾਦ ਵਿਚ ਮਹਾਨ ਸ਼ਹੀਦੀ ਸਮਾਗਮ ਉਨ੍ਹਾਂ ਦੇ ਗ੍ਰਹਿ ਪਿੰਡ ਆਰਿਫਕੇ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਤੋਂ ਇਲਾਵਾ ਸਿੱਖ ਕੌਮ ਦੀਆਂ ਮਹਾਨ ਸਖਸ਼ੀਅਤਾਂ, ਸੰਤ ਸ਼ਿੰਦਰ ਸਿੰਘ ਫਤਹਿਗੜ੍ਹ ਸਭਰਾਵਾਂ ਵਾਲੇ, ਬਾਬਾ ਨਿਹਾਲ ਸਿੰਘ ਜੀ ਦਲ ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ, ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ ਸਲਾਹਕਾਰ ਇੰਟਰਨੈਸ਼ਨਨ ਪੰਥਕ ਦਲ, ਭਾਈ ਜ਼ਸਕਰਨ ਸਿੰਘ ਕਾਹਨ ਸਿੰਘ ਵਾਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਫਤਹਿ, ਬਾਬਾ ਜ਼ਸਵੰਤ ਸਿੰਘ ਸੋਢੀ (ਆਸਲ), ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂ ਵਾਲਾ, ਭਾਈ ਲਖਬੀਰ ਸਿੰਘ ਮਹਾਲਮ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਭਾਈ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮਾਨ ਮੈਂਬਰ ਪੀ.ਪੀ. ਪੰਜਾਬ, ਭਾਈ ਤਜਿੰਦਰ ਸਿੰਘ ਦਿਉਲ ਪ੍ਰਧਾਨ ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ ਮਾਨ, ਭਾਈ ਜਗਜੀਤ ਸਿੰਘ ਦਫਤਰ ਸਕੱਤਰ, ਸ਼੍ਰੋਮਣੀ ਅਕਾਲੀ ਦਲ ਮਾਨ, ਭਾਈ ਹਰਪ੍ਰੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਮਾਨ, ਗਿਆਨੀ ਸੁਖਦੇਵ ਸਿੰਘ ਖਾਲਸਾ ਦਮਦਮੀ ਟਕਸਾਲ ਬੁੱਕਣ ਖਾਂ ਵਾਲਾ, ਬਾਬਾ ਸੁਖਮੰਦਰ ਸਿੰਘ ਪੱਧਰੀ ਕਾਰ ਸੇਵਾ, ਭਾਈ ਸਾਹਿਬ ਸਿੰਘ ਬੰਡਾਲਾ, ਭਾਈ ਹਜ਼ਾਰਾ ਸਿੰਘ, ਭਾਈ ਇਕਬਾਲ ਸਿੰਘ ਚੱਬਾ ਜ਼ੋਧਪੁਰੀਆ, ਭਾਈ ਪ੍ਰਗਟ ਸਿੰਘ ਵਾਹਕਾ, ਭਾਈ ਕੁਲਵੰਤ ਸਿੰਘ, ਭਾਈ ਗੁਰਬਖਸ਼ ਸਿੰਘ ਭਾਗੋਕੇ, ਭਾਈ ਕਸ਼ਮੀਰ ਸਿੰਘ ਭੁੱਲਰ, ਭਾਈ ਭਜਨ ਸਿੰਘ ਦੁਆਬੀਆ, ਕੁਲਵਿੰਦਰ ਸਿੰਘ ਸਰਪੰਚ ਮਹਾਲਮ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਹਾਜ਼ਰ ਹੋਏ। ਇਸ ਮੌਕੇ ਤੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਨੇ ਬੋਲਦਿਆਂ ਕਿਹਾ ਕਿ ਅੱਜ ਅਸੀਂ ਸ਼ਹੀਦ ਭਾਈ ਰਸਾਲ ਸਿੰਘ ਕੌਮੀ ਯੋਧੇ ਦਾ ਸਮਾਗਮ ਮਨਾ ਰਹੇ ਹਾਂ, ਜਿਨ੍ਹਾਂ ਸਾਕਾ ਨੀਲਾਤਾਰਾ 6 ਜੂਨ 1984 ਨੂੰ ਪਾਵਨ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਪਵਿੱਤਰਤਾ ਲਈ ਜੂਝਦੇ ਹੋਏ ਸ਼ਹੀਦੀ ਜਾਮਾ ਪੀ ਗਏ। ਭਾਈ ਸਾਹਿਬ ਨੇ ਅੱਗੇ ਕਿਹਾ ਕਿ ਸਾਨੂੰ ਇਨ੍ਹਾਂ ਦੀ ਬਰਸੀ ਵੱਡੇ ਪੱਧਰ ਤੇ ਮਨਾਉਣੀ ਚਾਹੀਦੀ ਹੈ, ਪਰ ਸ਼ਹੀਦ ਭਾਈ ਰਸਾਲ ਸਿੰਘ ਦਾ ਪਰਿਵਾਰ ਆਪਣੀ ਤੰਗੀ ਤੁਰਸ਼ੀ ਵਿਚ ਉਨ੍ਹਾਂ ਦੀ ਬਰਸੀ ਜ਼ੋ ਕਿ 6 ਜੂਨ ਨੂੰ ਹੁੰਦੀ ਹੈ, ਪਰ ਜਿਆਦਾ ਸਮਾਗਮ ਹੋਣ ਕਰਕੇ ਹੁਣ ਹੀ ਮਨਾਈ ਹੈ, ਉਨ੍ਹਾਂ ਸਮੂਹ ਸਿੱਖ ਪੰਥ ਦੇ ਆਗੂਆਂ ਨੂੰ ਅਪੀਲ ਕੀਤੀ ਕਿ ਇਸ ਕੌਮੀ ਯੋਧੇ ਦੀ ਬਰਸੀ ਸਮਾਗਮ ਸਾਰੀਆਂ ਪੰਥਕ ਸਖਸ਼ੀਅਤਾਂ ਹਰ ਸਾਲ ਵੱਡੇ ਪੱਧਰ ਤੇ ਮਨਾਉਣ, ਕਿਉਂਕਿ ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀਆਂ ਹਨ, ਉਹ ਸਦਾ—ਸਦਾ ਲਈ ਉਨ੍ਹਾਂ ਕੌਮਾਂ ਦਾ ਨਾਮ ਨਿਸ਼ਾਨ ਮਿੱਟ ਜਾਂਦਾ ਹੈ। ਇਸ ਮੌਕੇ ਤੇ ਭਾਈ ਜ਼ਸਕਰਨ ਸਿੰਘ ਕਾਹਨ ਸਿੰਘ ਵਾਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਫਤਹਿ ਨੇ ਬੋਲਦਿਆਂ ਕਿਹਾ ਕਿ ਭਾਈ ਰਸਾਲ ਸਿੰਘ ਆਰਿਫਕੇ ਇਕ ਕੌਮੀ ਯੋਧਾ ਹੋਇਆ ਹੈ, ਪਰ ਸਾਡੀ ਆਪਸੀ ਧੜੇਬੰਦੀ ਨੇ ਸਿੱਖ ਕੌਮ ਦਾ ਅੱਜ ਇਨ੍ਹਾਂ ਬੁਰਾ ਹਾਲ ਕਰ ਦਿੱਤਾ ਹੈ ਕਿ ਅਸੀਂ ਆਪਸੀ ਧੜਿਆਂ ਵਿਚ ਵੰਡ ਕੇ ਰਹਿ ਗਏ ਹਾਂ, ਜੇਕਰ ਅਸੀਂ ਗੱਲ ਕਰਦੇ ਹਾਂ ਇਕ ਪਲੇਟਫਾਰਮ ਦੀ ਤਾਂ ਸਾਡੇ ਪਾਰਟੀਆਂ ਧੜੇਬੰਦੀਆਂ ਦੇ ਠੱਪੇ ਲੱਗੇ ਹੋਏ ਹਨ, ਉਨ੍ਹਾਂ ਕਿਸਾਨਾਂ ਬਾਰੇ ਕਿਹਾ ਕਿ ਜਿਣਸਾਂ ਅਸੀ ਬੀਜਦੇ ਹਾਂ ਅਤੇ ਭਾਅ ਦਿੱਲੀ ਸਰਕਾਰ ਤਹਿ ਕਰਦੀ ਹੈ। ਇਸ ਮੌਕੇ ਭਾਈ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮਾਨ ਮੈਂਬਰ ਪੀ.ਪੀ ਨੇ ਬੋਲਦਿਆਂ ਕਿਹਾ ਕਿ 1984 ਤੋਂ ਲੈ ਕੇ ਕੋਈ ਵੀ ਆਪਣੇ ਸਟੈਂਡ ਤੇ ਨਹੀਂ ਖੜਿਆ, ਇਕੋਂ—ਇਕ ਮਹਾਨ ਸਖਸ਼ੀਅਤ ਹਨ ਜ਼ੋ ਕਿ ਅੱਜ ਵੀ ਆਪਣੇ ਸਟੈਂਡ ਤੇ ਖੜ੍ਹੇ ਹਨ, ਉਹ ਹਨ ਸਿਮਰਨਜੀਤ ਸਿੰਘ ਮਾਨ, ਜਿਨ੍ਹਾਂ ਨੇ ਇਕ ਐਸ.ਐਸ.ਪੀ ਦੀ ਕੁਰਸੀ ਨੂੰ ਲੱਤ ਮਾਰ ਕੇ ਸਿੱਖ ਕੌਮ ਦੀ ਆਵਾਜ਼ ਉਠਾ ਰਹੇ ਹਨ, ਭਾਵੇਂ ਸਾਨੂੰ ਕੁਟਿਆ ਮਾਰਿਆ ਜਾਂਦਾ ਹੈ, ਪਰ ਅਸੀਂ ਇਕੋ ਸਟੈਂਡ ਤੇ ਖੜ੍ਹੇ ਹਾਂ। ਇਸ ਮੌਕੇ ਤੇ ਭਾਈ ਤਜਿੰਦਰ ਸਿੰਘ ਦਿਉਲ ਪ੍ਰਧਾਨ ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ ਮਾਨ ਨੇ ਕਿਹਾ ਕਿ ਜ਼ੋ ਪੰਜਾਬ ਵਿਚ ਸੱਚ ਦੀ ਗੱਲ ਕਰਦਾ ਹੈ, ਉਸ ਨੂੰ ਕੁਟਿਆ ਜਾਂਦਾ ਹੈ ਜਾਂ ਜੇਲ੍ਹਾਂ ਵਿਚ ਬੰਦ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਭਾਈ ਅੰਮ੍ਰਿਤਪਾਲ ਸਿੰਘ ਬਾਰੇ ਕਿਹਾ ਕਿ ਉਨ੍ਹਾਂ ਦਾ ਕੀ ਕਸੂਰ ਸੀ, ਜਿੜੀ ਉਨ੍ਹਾਂ ਨੂੰ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਭੇਜ਼ ਦਿੱਤਾ, ਕਿਉਂਕਿ ਉਹ ਨੌਜਵਾਨ ਪੀੜ੍ਹੀ ਨੂੰ ਨਸ਼ਾ ਛੁਡਵਾ ਕੇ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ ਗੁਰੂ ਨਾਲ ਜ਼ੋੜ ਰਿਹਾ ਸੀ। ਇਸ ਗੱਲੋਂ ਸਰਕਾਰ ਦੇ ਹੱਥਾਂ—ਪੈਰਾਂ ਦੀ ਪੈ ਗਈ ਅਤੇ ਉਨ੍ਹਾਂ ਨੂੰ ਜੇਲ੍ਹ ਵਿਚ ਸੁੱਟ ਦਿੱਤਾ। ਇਸ ਮੌਕੇ ਤੇ ਢਾਡੀ ਜਥਾ ਜਤਿੰਦਰ ਸਿੰਘ ਤਰਨਾ ਦਲ ਬਾਬਾ ਬਕਾਲਾ, ਕਵੀਸ਼ਰੀ ਭਾਈ ਗੁਰਜੰਟ ਸਿੰਘ ਬੈਕਾਂ ਨੇ ਸ਼ਹੀਦ ਭਾਈ ਰਸਾਲ ਸਿੰਘ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਸੰਗਤਾਂ ਨੂੰ ਵਾਹ—ਵਾਹ ਕਰਨ ਤੇ ਮਜ਼ਬੂਰ ਕਰ ਦਿੱਤਾ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਗਿਆਨੀ ਸੁਖਦੇਵ ਸਿੰਘ ਖਾਲਸਾ ਬੁਕਣ ਖਾਂ ਦਮਦਮੀ ਟਕਸਾਲ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ ਅਤੇ ਨਾਲ—ਨਾਲ ਸਿੱਖ ਕੌਮ ਬਾਰੇ ਭਰਪੂਰ ਜਾਣਕਾਰੀ ਦੇ ਰਹੇ ਸੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ, ਮਿਠਾਈਆਂ ਦੇ ਲੰਗਰ, ਪਕੌੜਿਆਂ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਤੇ ਸਿੱਖ ਕੌਮ ਦੀਆਂ ਜਥੇਬੰਦੀਆਂ ਨੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੇ ਸਪੁੱਤਰ ਅਤੇ ਧੀ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ।

## ਬਾਬਾ ਭਰਭੂਰ ਸਿੰਘ ਨੇ ਲੋੜਵੰਦ ਧੀਆਂ ਦੇ ਕੀਤੇ ਵਿਆਹ, ਸੰਤ ਮਹਾਪੁਰਖ, ਧਾਰਮਿਕ, ਰਾਜਨੀਤਿਕ ਆਗੂ ਅਸ਼ੀਰਵਾਦ ਦੇਣ ਪਹੁੰਚੇ



**ਧੂਰੀ, ( ਰਣਜੀਤ ਸਿੰਘ ਪੇਧਨੀ)**-ਸਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੀ ਫੁੱਲਵਾੜੀ ਚੋ ਸਹੀਦ ਬਾਬਾ ਦੇਸਾ ਸਿੰਘ ਜੀ ਦੇ ਅਸਥਾਨ ਚੰਗਾਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਉਘੇ ਸਮਾਜ ਸੇਵੀ, ਬਾਬਾ ਭਰਭੂਰ ਸਿੰਘ ਜੀ ਦੀ ਸਰਪ੍ਰਸਤੀ ਹੇਠ ਨਗਰ ,ਇਲਾਕੇ ਅਤੇ ਦੇਸ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਹਾਨ ਗੁਰਿਮਤ ਸਮਾਗਮ ਦੌਰਾਨ ਲੋੜਵੰਦ ਗਰੀਬ ਧੀਆਂ ਦੇ ਵਿਆਹ ਕੀਤੇ ਗਏ ।ਇਸ ਮੌਕੇ ਲੋੜਵੰਦ ਗਰੀਬ ਧੀਆਂ ਦੇ ਵਿਆਹ ਮੌਕੇ ਅਸ਼ੀਰਵਾਦ ਦੇਣ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਸਪੋਕਸਮੈਨ ਹਲਕਾ ਇੰਚਾਰਜ ਸੰਗਰੂਰ ਵਿਨਰਜੀਤ ਸਿੰਘ ਗੋਲਡੀ, ਸਾਬਕਾ ਐਮ,ਐਲ,ਏ ਬਾਬੂ ਪ੍ਰਕਾਸ਼ ਚੰਦ ਗਰਗ,ਬਾਬਾ ਦਰਸ਼ਨ ਸਿੰਘ ਮੁੱਖ ਪ੍ਰਬੰਧਕ ਗੁਰਦੁਆਰਾ ਅੰਗੀਠਾ ਸਾਹਿਬ ਮਸਤੂਆਣਾ ਸਾਹਿਬ , ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸ, ਤੇਜਿੰਦਰ ਸਿੰਘ ਸੰਘੇੜੀ, ਸ, ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕੌਂਸਲ ਕਾਲਜ ਮਸਤੂਆਣਾ ਸਾਹਿਬ ,ਸ ਕਰਨੈਲ ਸਿੰਘ ,ਨਛੱਤਰ ਸਿੰਘ, ਸੁਖਵਿੰਦਰ ਸਿੰਘ ਬੱਗਾ, ਪ੍ਰਿੰਸੀਪਲ ਗੁਰਬੀਰ ਸਿੰਘ, ਜਰਨੈਲ ਸਿੰਘ ਸਾਬਕਾ ਸਰਪੰਚ, ਗੁਰਜੰਟ ਸਿੰਘ ਬਹਾਦਰਪੁਰ, ਸਰਪੰਚ ਧਰਮਿੰਦਰ ਸਿੰਘ, ਗੁਰਪ੍ਰੀਤ ਸਿੰਘ ਬਰੜਵਾਲ, ਗੁਰਮੀਤ ਸਿੰਘ ਕੱਟੂ , ਬਿੰਦਰ ਗਿੱਲ ਕੱਟੂ, ਅਰਸ ਧਨੌਲਾ, ਰਾਮ ਸਿੰਘ ਝਨੇੜੀ, ਰਣਜੀਤ ਸਿੰਘ ਰਾਣਾ ਭੈਣੀ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।


ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

### ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਸਿੱਖ ਵਿਰਾਸਤ ਸੰਸਥਾ ਬਰੈਂਪਟਨ ਕੈਨੇਡਾ ਦੇ ਆਗੂਆਂ ਨੇ ਗਿਆਨੀ ਰਘਬੀਰ ਸਿੰਘ ਤੇ ਐਡਵੋਕੇਟ ਧਾਮੀ ਨਾਲ ਕੀਤੀ ਮੁਲਾਕਾਤ





ਨਵੀਂ ਦਿੱਲੀ, 22 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਆਏ ਸਿੱਖ ਵਿਰਾਸਤ ਸੰਸਥਾ ਬਰੈਂਪਟਨ (ਕੈਨੇਡਾ) ਦੇ ਆਗੂ ਸ. ਕੰਵਰ ਸਿੰਘ ਤੇ ਸ. ਗੁਰਮਨਪਾਲ ਸਿੰਘ ਨੇ ਬੀਤੇ ਦਿਨੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਕੇ ਸਿੱਖ ਮਾਮਲਿਆਂ ਅਤੇ ਧਰਮ ਦੇ ਪ੍ਰਸਾਰ ਪ੍ਰਚਾਰ ਲਈ ਵਿਚਾਰਾਂ ਕੀਤੀਆਂ। ਉਨ੍ਹਾਂ ਨੇ ਗਿਆਨੀ ਰਘਬੀਰ ਸਿੰਘ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸਿੱਖ ਵਿਰਾਸਤ ਸੰਸਥਾ ਵੱਲੋਂ ਕੈਨੇਡਾ ਵਿਚ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਮਿਲ ਰਹੇ ਭਰਵੇਂ ਸਹਿਯੋਗ ਲਈ ਧੰਨਵਾਦ ਕੀਤਾ। ਸ. ਕੰਵਰ ਸਿੰਘ ਨੇ ਦੱਸਿਆ ਕਿ ਸਿੱਖ ਵਿਰਾਸਤ ਸੰਸਥਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਤ ਹੁੰਦਿਆਂ ਕੈਨੇਡਾ ਅੰਦਰ ਅੰਮ੍ਰਿਤ ਸੰਚਾਰ ਸਮਾਗਮ ਕਰਵਾ ਕੇ ਸੰਗਤਾਂ ਨੂੰ ਸਿੱਖੀ ਨਾਲ ਜੋੜਿਆ ਜਾ ਰਿਹਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿੱਖ ਵਿਰਾਸਤ ਸੰਸਥਾ ਵੱਲੋਂ ਵਿਦੇਸ਼ ਅੰਦਰ ਕੀਤੇ ਜਾ ਰਹੇ ਧਰਮ ਪ੍ਰਚਾਰ ਕਾਰਜਾਂ ਦੀ ਸ਼ਲਾਘਾ ਕਰਦਿਆਂ ਆਸ ਪ੍ਰਗਟਾਈ ਕਿ ਸੰਸਥਾ ਧਰਮ ਦੇ ਪ੍ਰਚਾਰ ਲਈ ਇਸੇ ਤਰ੍ਹਾਂ ਕਾਰਜਸ਼ੀਲ ਰਹੇਗੀ। ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸ. ਕੰਵਰ ਸਿੰਘ ਤੇ ਸ. ਗੁਰਮਨਪਾਲ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਸ. ਕੌਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਮਨਜੀਤ ਸਿੰਘ ਬੱਪੀਆਣਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਕਿਯੂ ਉਗਰਾਹਾਂ ਬਲਾ ਤਲਵੰਡੀ ਸਾਬੋ ਵੱਲੋਂ ਦੋ ਕਿਸਾਨਾਂ ਨੂੰ ਤਹਿਸੀਲਦਾਰ ਪਾਸੋਂ ਖੁਦਕੁਸ਼ੀ ਦੇ ਚੈੱਕ ਦਿਵਾਏ




ਤਲਵੰਡੀ ਸਾਬੋ, 22 ਮਾਰਚ (ਗੁਰਜੰਟ ਸਿੰਘ ਨਥੇਹਾ)- ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਤਹਿਸੀਲਦਾਰ ਤਲਵੰਡੀ ਸਾਬੋ ਤੋਂ ਭੋਲਾ ਸਿੰਘ ਚੱਠੇਵਾਲਾ ਤੇ ਸ਼ਿਮੰਦਰ ਸਿੰਘ ਨੰਗਲਾ ਦੇ ਪਰਿਵਾਰਾਂ ਨੂੰ 3-3 ਲੱਖ ਰੁਪਏ ਦੇ ਚੈੱਕ ਦਵਾਏ ਜੋ ਖੁਦਕੁਸ਼ੀ ਕਰ ਗਏ ਸਨ। ਪਿਛਲੇ ਕਈ ਦਿਨਾਂ ਤੋਂ ਖੁਦਕੁਸ਼ੀ ਕਰ ਚੁੱਕੇ ਕਿਸਾਨਾਂ ਦੇ ਚੈਕ ਆਏ ਹੋਏ ਸਨ ਪਰ ਲਗਾਤਾਰ ਟਾਲ ਮਟੋਲੇ ਕੀਤੇ ਜਾ ਰਹੇ ਸਨ, ਹੁਣ ਚੋਣ ਜਾਬਤੇ ਦਾ ਬਹਾਨਾ ਲਗਾਇਆ ਜਾ ਰਿਹਾ ਸੀ ਜਿਸ ਕਰਕੇ ਕਿਸਾਨ ਜਥੇਬੰਦੀ ਵੱਲੋਂ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਗਿਆ ਸਿੱਟੇ ਵੱਜੋਂ ਅੱਜ ਪੀੜਤ ਪਰਿਵਾਰਾਂ ਨੂੰ ਚੈੱਕ ਦਵਾਏ ਗਏ। ਕਿਸਾਨ ਆਗੂਆਂ ਨੇ ਦੱਸਿਆ ਕਿ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਕਿਸਾਨ ਮਜਦੂਰ ਕਰਜੇ ਤੋ ਤੰਗ ਆਕੇ ਆਰਥਿਕ ਤੰਗੀਆਂ ਦਾ ਸਾਹਮਣਾ ਨਾ ਸਹਾਰਦੇ ਹੋਏ ਖੁਦਕੁਸ਼ੀ ਕਰ ਜਾਦੇ ਹਨ ਜਿਸ ਨਾਲ ਪੂਰਾ ਪਰਿਵਾਰ ਹੋਰ ਮੁਸੀਬਤ ਵਿੱਚ ਫਸ ਜਾਂਦਾ ਹੈ ਜਿਸ ਦੇ ਸਿੱਟੇ ਵੱਜੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਲੰਮੇ ਸਮੇਂ ਤੋਂ ਸੰਘਰਸ਼ ਲੜ ਰਹੀ ਹੈ ਕਿ ਪੀੜਤ ਪਰਿਵਾਰ ਨੂੰ 10 ਲੱਖ ਰੁਪਏ ਆਰਥਿਕ ਮਦਦ, ਨੌਕਰੀ, ਕਰਜ ਮਾਫ਼ੀ ਕੀਤੀ ਜਾਵੇ। ਹਰਪ੍ਰੀਤ ਸਿੰਘ ਚੱਠੇਵਾਲਾ ਨੇ ਕਿਸਾਨ ਮਜਦੂਰਾਂ ਨੂੰ ਬੇਨਤੀ ਕੀਤੀ ਕਿ ਉਹ ਖੁਦਕੁਸ਼ੀ ਕਰ ਕੇ ਜਾਨ ਨਾ ਗੁਵਾਉਣ ਸਗੋਂ ਸਰਕਾਰਾਂ ਦੀਆਂ ਨੀਤੀਆਂ ਖਿਲਾਫ਼ ਜਥੇਬੰਦੀ ਦੇ ਸੰਘਰਸ਼ ਵਿੱਚ ਹਿੱਸਾ ਪਾਉਣ 'ਤੇ ਆਪਣੀਆਂ ਹੱਕੀ ਮੰਗਾਂ ਤੇ ਪਹਿਰਾ ਦੇਣ ਜਿਸ ਨਾਲ ਕਿਸਾਨ ਵੀਰਾਂ ਨੂੰ ਫਸਲਾਂ ਦੇ ਸਹੀ ਮੁੱਲ ਮਿਲ ਸਕਣ, ਰੁਜ਼ਗਾਰ ਮਿਲ ਸਕੇ, ਮਹਿੰਗਾਈ ਘੱਟ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV




# ਲੋਕਾਂ ਦੀਆਂ ਆਸਾਂ ਉਮੀਦਾਂ ਤੇ ਖਰਾ ਉਤਰਿਆ ਜਾਵੇਗਾ: ਤਰਨਜੀਤ ਸਿੰਘ ਸੰਧੂ

**ਅੰਮ੍ਰਿਤਸਰ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਦੇ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋਣ ਤੇ ਸਥਾਨਕ ਭਾਜਪਾ ਆਗੂਆਂ ਤੇ ਸਰਗਰਮ ਵਰਕਰਾਂ ਵਿੱਚ ਬੇਹੱਦ ਖ਼ੁਸ਼ੀ ਪਾਈ ਜਾ ਰਹੀ ਹੈ। ਅੱਜ ਅਨੇਕਾਂ ਸ਼ਖ਼ਸੀਅਤਾਂ ਅਤੇ ਭਾਜਪਾ ਆਗੂਆਂ ਨੇ ਸਰਦਾਰ ਸੰਧੂ ਦੇ ਸ੍ਰੀ ਅੰਮ੍ਰਿਤਸਰ ਦੇ ਗਰੀਨ ਐਵਿਨਿਊ ਵਿਖੇ ਸਥਿਤ ' ਸਮੁੰਦਰੀ ਹਾਊਸ " ਵਿਖੇ ਉਹਨਾਂ ਨਾਲ ਮੁਲਾਕਾਤਾਂ ਕੀਤੀਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਸਥਾਨਕ ਆਗੂਆਂ ਨਾਲ ਵਿਚਾਰ ਚਰਚਾ ਉਪਰੰਤ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਹਾ ਕੇ ਅੰਮ੍ਰਿਤਸਰ ਸਿਫ਼ਤੀਂ ਦਾ ਘਰ ਹੈ। ਉਹ ਅੰਮ੍ਰਿਤਸਰ ਦੇ ਵਿਕਾਸ, ਖੇਤੀ ਨੂੰ ਲਾਭਦਾਇਕ ਬਣਾਉਣ, ਇੱਥੋਂ ਦੀ

ਆਵਾਜ਼ਿ ਕੌਮ
AWAZE QAUM
International Newspaper & WEB TV

ਇੰਡਸਟਰੀ, ਵਪਾਰਕ ਉੱਨਤੀ ਅਤੇ ਨੌਜਵਾਨਾਂ ਨੂੰ ਹੁਨਰਮੰਦ ਬਣਾ ਕੇ ਉਹਨਾਂ ਨੂੰ ਜ਼ਿੰਦਗੀ ਚ ਸਫਲ ਬਣਾਉਣ ਲਈ ਯਤਨਸ਼ੀਲ ਰਹੇਗਾ ਅਤੇ ਲੋਕਾਂ ਦੀਆਂ ਆਸਾਂ ਉਮੀਦਾਂ ਤੇ ਖਰਾ ਉੱਤਰਿਆ ਜਾਵੇਗਾ । ਇਸ ਮੌਕੇ ਸੂਬਾ ਕਾਰਜਕਾਰੀ ਮੈਂਬਰ ਸੁਬੇਗ ਸਿੰਘ ਗਿੱਲ, ਮੰਡਲ ਪ੍ਰਧਾਨ ਵਰਿੰਦਰ ਸਿੰਘ ਸਵੀਟੀ, ਮੰਡਲ ਪ੍ਰਧਾਨ ਰਾਕੇਸ਼ ਮਹਾਜਨ ਅਤੇ ਗੁਰਕੰਵਲ ਸਿੰਘ ਮਾਨ ਨਿਊ ਅੰਮ੍ਰਿਤਸਰ ਨੇ ਸਰਦਾਰ ਸੰਧੂ ਦੀ ਅੰਮ੍ਰਿਤਸਰ ਪ੍ਰਤੀ ਦ੍ਰਿਸ਼ਟੀਕੋਣ ਤੋਂ ਪ੍ਰਭਾਵਿਤ ਹੁੰਦਿਆਂ ਕਿਹਾ ਕਿ ਸਰਦਾਰ ਸੰਧੂ ਗੁਰੂ ਨਗਰੀ ਅੰਮ੍ਰਿਤਸਰ ਦਾ ਸਹੀ ਵਾਰਸ ਹੈ। ਉਹਨਾਂ ਕਿਹਾ ਕੇ ਸਰਦਾਰ ਸੰਧੂ ਦਾ ਪਰਿਵਾਰਕ ਪਿਛੋਕੜ ਦੇਸ਼ ਕੌਮ ਲਈ ਕੁਰਬਾਨੀਆਂ ਕਰਨ ਵਾਲੇ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਨਾਲ ਸੰਬੰਧ ਹੈ।ਜੋ ਆਪਣੇ ਸਮੇਂ ਗੁਰਦੁਆਰਾ ਸੁਧਾਰ ਲਹਿਰ ਅਤੇ ਦੇਸ਼ ਦੀ ਅਜ਼ਾਦੀ ਸੰਘਰਸ਼ ਦੌਰਾਨ ਕੀਤੀਆਂ ਗਈਆਂ ਅਨੇਕਾਂ ਕੁਰਬਾਨੀਆਂ ਸਦਕਾ ਅੱਜ ਵੀ ਪੂਰੇ ਸਨਮਾਨ ਨਾਲ ਯਾਦ ਕੀਤਾ ਜਾਂਦਾ ਹੈ।ਉਹਨਾਂ ਕਿਹਾ ਕਿ ਸਰਦਾਰ ਸੰਧੂ ਖ਼ੁਦ ਵੀ ਭਾਰਤੀ ਵਿਦੇਸ਼ ਸੇਵਾ ਦੌਰਾਨ ਭਾਰਤ ਦੀ ਤਸਵੀਰ ਨੂੰ ਵਿਸ਼ਵ ਭਰ ਵਿਚ ਰੋਸ਼ਨ ਕਰਕੇ ਆਪਣੀ ਕਾਬਲੀਅਤ ਨੂੰ ਸਿੱਧ ਕਰ ਚੁੱਕੇ ਹਨ। ਉਹਨਾਂ ਕਿਹਾ ਕਿ ਅੰਮ੍ਰਿਤਸਰ ਨੂੰ ਸਰਦਾਰ ਸੰਧੂ ਵਰਗੇ ਇਮਾਨਦਾਰ ਅਤੇ ਸਮਰੱਥਾਵਾਨ ਆਗੂ ਦੀ ਜ਼ਰੂਰਤ ਸੀ। ਜੋ ਹੁਣ ਪੂਰੀ ਹੋ ਗਈ ਹੈ। ਜਿਸ ਦਾ ਪ੍ਰਮਾਣ ਉਹਨਾਂ ਵੱਲੋਂ ਨਵੀਂ ਦਿੱਲੀ ਦੇ ਸਰਕਾਰੀ ਗਲਿਆਰਿਆਂ ਚ ਪ੍ਰਭਾਵਸ਼ਾਲੀ ਕੇਂਦਰੀ ਮੰਤਰੀਆਂ ਨੂੰ ਮਿਲ ਕੇ ਅੰਮ੍ਰਿਤਸਰ ਲਈ ਯੋਜਨਾਵਾਂ ਨੂੰ ਅਮਲੀਜਾਮਾ ਪਹਿਨਾਉਣ ਦੇ ਯਤਨ ਦੀ ਸਾਰਥਿਕਤਾ ਤੋਂ ਮਿਲਦਾ ਹੈ।ਆਗੂਆਂ ਨੇ ਕਹਾ ਕਿ ਉਹ ਤੇ ਸਮੂਹ ਨਗਰ ਨਿਵਾਸੀ ਸਰਦਾਰ ਸੰਧੂ ਦਾ ਸਾਥ ਦੇਣਗੇ। ਇਸ ਮੌਕੇ ਸਥਾਨਕ ਆਗੂ ਤੇ ਸੂਬਾ ਕਾਰਜਕਾਰੀ ਮੈਂਬਰ ਸੁਬੇਗ ਸਿੰਘ ਗਿੱਲ, ਮੰਡਲ ਪ੍ਰਧਾਨ ਵਰਿੰਦਰ ਸਿੰਘ ਸਵੀਟੀ, ਮੰਡਲ ਪ੍ਰਧਾਨ ਰਾਕੇਸ਼ ਮਹਾਜਨ, ਡੀ ਆਰ ਅਸ਼ੋਕ ਜੌੜਾ ਫਾਟਕ, ਰਮਨ ਅਰੋੜਾ, ਰਣਜੀਤ ਸਿੰਘ ਗੋਲਡੀ ਹੁਸੈਨਪੁਰਾ ਅਤੇ ਗੁਰਕੰਵਲ ਸਿੰਘ ਮਾਨ ਨਿਊ ਅੰਮ੍ਰਿਤਸਰ ਨੇ ਸਰਦਾਰ ਸੰਧੂ ਨੂੰ ਸਨਮਾਨਿਤ ਕੀਤਾ।







### ਭਾਈ ਅੰਮ੍ਰਿਤਪਾਲ ਸਿੰਘ ਸਮੇਤ ਬਾਕੀ ਸਿੰਘਾਂ ਦੀ ਭੁੱਖ ਹੜਤਾਲ ਖਤਮ ਕਰਵਾਉਣ ਲਈ

# ਮਰਯਾਦਾ ਅਨੁਸਾਰ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਵੱਲੋਂ ਚੌਪਈ ਸਾਹਿਬ ਅਤੇ ਅਨੰਦ ਸਾਹਿਬ ਦਾ ਪਾਠ ਕੀਤਾ ਗਿਆ





**ਅੰਮ੍ਰਿਤਸਰ, 22 ਮਾਰਚ ( ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵਲੋਂ ਭੇਜੇ ਪੰਜ ਸਿੰਘਾਂ ਨੇ ਅੱਜ ਦੇਰ ਸ਼ਾਮੀਂ ਅਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਵਿਚ ਨਜ਼ਰਬੰਦ ਭੁੱਖ ਹੜਤਾਲ 'ਤੇ ਬੈਠੇ ਭਾਈ ਅੰਮ੍ਰਿਤਪਾਲ ਸਿੰਘ ਪੱਪਲਪਰੀਤ ਸਿੰਘ ਮੁੱਖ ਮੰਤਰੀ ਬਾਜੇ ਕੇ ਵਰਿੰਦਰ ਸਿੰਘ ਜੌੜ ਸਿੰਘ ਵਾਲਾ ਤੇ ਅੰਮ੍ਰਿਤਪਾਲ ਸਿੰਘ ਦੇ ਚਾਚਾ ਜੀ ਤੇ ਅੰਮ੍ਰਿਤਪਾਲ ਸਿੰਘ ਦੀ ਧਰਮ ਸੁਪੱਤਨੀ ਸਮੇਤ ਸਿੰਘਾਂ ਨੂੰ ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਪ੍ਰਸਾਦ ਅਤੇ ਹਰਿ ਕੀ ਪਉੜੀ ਦਾ ਜਲ ਛਕਾ ਕੇ ਉਨ੍ਹਾਂ ਦੀ ਭੁੱਖ ਹੜਤਾਲ ਸਮਾਪਤ ਕਰਵਾ ਦਿੱਤੀ ਹੈ। ਇਹ ਸਿੰਘ ਜੇਲ੍ਹ ਵਿਚ ਨਿੱਜਤਾ ਤੇ ਮਨੁੱਖੀ ਅਧਿਕਾਰਾਂ ਦੇ ਹਨਨ ਦੇ ਵਿਰੁੱਧ 16 ਫਰਵਰੀ ਤੋਂ ਭੁੱਖ ਹੜਤਾਲ 'ਤੇ ਬੈਠੇ ਸਨ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਦੇ ਆਦੇਸ਼ਾਂ ਉੱਤੇ ਡਿਬਰੂਗੜ੍ਹ ਜੇਲ੍ਹ ਵਿਚ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀ ਸਿੰਘਾਂ ਦੀ ਮੁਲਾਕਾਤ ਕਰਕੇ ਭੁੱਖ ਹੜਤਾਲ ਸਮਾਪਤ ਕਰਵਾਉਣ ਲਈ ਭੇਜੇ ਗਏ ਪੰਜ ਸਿੰਘਾਂ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਅਰਦਾਸੀਏ ਭਾਈ ਪ੍ਰੇਮ ਸਿੰਘ, ਭਾਈ ਨਿਸ਼ਾਨ ਸਿੰਘ, ਭਾਈ ਬਲਵਿੰਦਰ ਸਿੰਘ ਅਤੇ ਭਾਈ ਬਿਕਰਮਜੀਤ ਸਿੰਘ ਸ਼ਾਮਲ ਸਨ। ਪੰਜ ਸਿੰਘਾਂ ਦੇ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਚਾਚਾ ਸ. ਸੁਖਚੈਨ ਸਿੰਘ ਵੀ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਡਿਬਰੂਗੜ੍ਹ ਪਹੁੰਚਣ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਸ਼ਾਸਨਿਕ ਕਾਰਵਾਈ ਨੂੰ ਮੁਕੰਮਲ ਕਰਨ ਉਪਰੰਤ ਨਜ਼ਰਬੰਦ ਸਿੰਘਾਂ ਨਾਲ ਮੁਲਾਕਾਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਕਿਹਾ ਕਿ ਡਿਬਰੂਗੜ੍ਹ ਜੇਲ੍ਹ ਅੰਦਰ ਪਹੁੰਚਣ ਤੋਂ ਬਾਅਦ ਨਜ਼ਰਬੰਦ ਸਿੰਘਾਂ ਨਾਲ ਮੁਲਾਕਾਤ ਕੀਤੀ ਗਈ ਅਤੇ ਉਨ੍ਹਾਂ ਦੀ ਸਿਹਤ ਦਾ ਹਾਲ-ਚਾਲ ਜਾਣਿਆ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਪ੍ਰਸ਼ਾਸਨ ਵੱਲੋਂ ਮੁਲਾਕਾਤ ਸਬੰਧੀ ਪ੍ਰਕਿਰਿਆ ਮੁਕੰਮਲ ਕਰਨ ਵਿੱਚ ਦੇਰੀ ਕਾਰਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਦੇ ਵਫ਼ਦ ਨੂੰ ਲੰਮਾ ਸਮਾਂ ਜੇਲ੍ਹ ਦੇ ਬਾਹਰ ਉਡੀਕ ਕਰਨੀ ਪਈ।

ਜਿਸ ਦੌਰਾਂਨ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਬਾਕੀ ਸਿੰਘਾਂ ਦੀ ਭੁੱਖ ਹੜਤਾਲ ਖਤਮ ਕਰਵਾਉਣ ਲਈ ਮੁਲਾਕਾਤ ਦੌਰਾਨ ਸਭ ਤੋਂ ਪਹਿਲਾਂ ਸਾਫ ਵਿਛਾਈ ਕਰਕੇ ਸਿੰਘਾਂ ਨੂੰ ਸੰਗਤ ਵਿੱਚ ਬਿਠਾਇਆ ਗਿਆ ਅਤੇ ਮਰਯਾਦਾ ਅਨੁਸਾਰ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਵੱਲੋਂ ਚੌਪਈ ਸਾਹਿਬ ਅਤੇ ਅਨੰਦ ਸਾਹਿਬ ਦਾ ਪਾਠ ਕੀਤਾ ਗਿਆ, ਉਪਰੰਤ ਅਰਦਾਸ ਭਾਈ ਪ੍ਰੇਮ ਸਿੰਘ ਵੱਲੋਂ ਕੀਤੀ ਗਈ। ਉਨ੍ਹਾਂ ਕਿਹਾ ਕਿ ਅਰਦਾਸ ਉਪਰੰਤ ਭਾਈ ਅੰਮ੍ਰਿਤਪਾਲ ਸਿੰਘ, ਭਾਈ ਹਰਜੀਤ ਸਿੰਘ, ਭਾਈ ਪਪਲਪ੍ਰੀਤ ਸਿੰਘ, ਭਾਈ ਭਗਵੰਤ ਸਿੰਘ ਬਾਜੇਕੇ, ਭਾਈ ਵਰਿੰਦਰ ਸਿੰਘ ਫੌਜੀ ਅਤੇ ਭਾਈ ਹਰਜੀਤ ਸਿੰਘ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਪ੍ਰਸਾਦ ਅਤੇ ਹਰਿ ਕੀ ਪਉੜੀ ਦਾ ਜਲ ਛਕਾ ਕੇ ਉਨ੍ਹਾਂ ਦੀ ਭੁੱਖ ਹੜਤਾਲ ਖਤਮ ਕਰਵਾਈ ਗਈ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਧਰਮ ਪਤਨੀ ਬੀਬੀ ਕਿਰਨਦੀਪ ਸਿੰਘ ਨੇ ਵੀ ਭੁੱਖ ਹੜਤਾਲ ਸ਼ੁਰੂ ਕੀਤੀ ਹੋਈ ਸੀ, ਜੋ ਕਿ ਮੁਲਾਕਾਤ ਸਮੇਂ ਉਹ ਵੀ ਵੱਖਰੇ ਤੌਰ 'ਤੇ ਮੌਜੂਦ ਸਨ ਅਤੇ ਉਨ੍ਹਾਂ ਦੀ ਭੁੱਖ ਹੜਤਾਲ ਵੀ ਖਤਮ ਕਰਵਾਈ ਗਈ। ਉਨ੍ਹਾਂ ਕਿਹਾ ਕਿ ਸਾਰੇ ਸਿੰਘ ਚੜ੍ਹਦੀ ਕਲਾ ਵਿੱਚ ਹਨ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਗਿਆ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਕਮੇਟੀ ਅਤੇ ਸਮੁੱਚਾ ਖ਼ਾਲਸਾ ਪੰਥ ਉਨ੍ਹਾਂ ਦੇ ਨਾਲ ਹੈ।

ਐਡੋਵੇਕਟ ਸਿਆਲਕਾ ਨੇ ਕਿਹਾ ਕਿ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਸਿੰਘਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਅਤੇ ਸਮੁੱਚੀਆਂ ਪੰਥਕ ਜਥੇਬੰਦੀਆਂ ਦਾ ਧੰਨਵਾਦ ਵੀ ਕੀਤਾ ਗਿਆ ਹੈ। ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਦੇ ਮੀਡੀਆ ਸਲਾਹਕਾਰ ਤਲਵਿੰਦਰ ਸਿੰਘ ਬੁੱਟਰ ਨੇ ਪੰਜਾਬ ਵਿਚ ਅੰਮ੍ਰਿਤਸਰ ਤੇ ਹੋਰਨਾਂ ਜੇਲ੍ਹਾਂ ਵਿਚ ਭੁੱਖ ਹੜਤਾਲ 'ਤੇ ਬੈਠੇ ਨਜ਼ਰਬੰਦ ਸਿੰਘਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੇ ਸਨਮਾਨ ਵਿਚ ਅੰਨ-ਜਲ ਗ੍ਰਹਿਣ ਕਰਕੇ ਭੁੱਖ ਹੜਤਾਲ ਸਮਾਪਤ ਕਰ ਦੇਣ।








ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

# ਭਾਜਪਾ ਚ ਸ਼ਾਮਿਲ ਹੋਏ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਦਾ ਅੰਮ੍ਰਿਤਸਰ ਹਵਾਈ ਅੱਡੇ ਤੇ ਕੀਤਾ ਗਿਆ ਨਿੱਘਾ ਸਵਾਗਤ



**ਅੰਮ੍ਰਿਤਸਰ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਦਾ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋਣ ਬਾਅਦ ਨਵੀਂ ਦਿੱਲੀ ਤੋਂ ਆਪਣੇ ਗ੍ਰਹਿ ਨਗਰ ਸ੍ਰੀ ਅੰਮ੍ਰਿਤਸਰ ਵਿਖੇ ਦੇਰ ਸ਼ਾਮ ਪਹੁੰਚਣ 'ਤੇ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਰਾਜਾਸਾਂਸੀ ਵਿਖੇ ਸਥਾਨਕ ਭਾਜਪਾ ਆਗੂਆਂ ਤੇ

ਆਵਾਜ਼ਿ ਕੌਮ AWAZE QAUM International Newspaper & WEB TV

ਸਰਗਰਮ ਵਰਕਰਾਂ ਵੱਲੋਂ ਗਰਮ ਜੋਸ਼ੀ ਨਾਲ ਸ਼ਾਨਦਾਰ ਅਤੇ ਨਿੱਘਾ ਸਵਾਗਤ ਕੀਤਾ ਗਿਆ। ਜਿਨ੍ਹਾਂ ਦੀ ਅਗਵਾਈ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਨੇ ਕੀਤੀ। ਉਹਨਾਂ ਨਾਲ ਭਾਜਪਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਅਤੇ ਅੰਮ੍ਰਿਤਸਰ ਦੇ ਇੰਚਾਰਜ ਸਾਬਕਾ ਵਿਧਾਇਕ ਕੇ.ਡੀ ਭੰਡਾਰੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸ. ਤਰਨਜੀਤ ਸਿੰਘ ਸੰਧੂ ਨੇ ਸਭ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਨੇ ਵਿਸ਼ਵ ਪੱਧਰ ਤੇ ਇਕ ਉੱਚਾ ਮੁਕਾਮ ਹਾਸਲ ਕਰ ਲਿਆ ਹੈ। ਭਾਰਤ ਨੇ ਇਕ ਵੱਡੀ ਆਰਥਿਕ ਸ਼ਕਤੀ ਤੋਂ ਇਲਾਵਾ ਵਿਸ਼ਵ ਦੇ ਲੋਕਾਂ ਵਿਚ ਵਿਸ਼ਵਾਸ ਯੋਗਤਾ ਸਥਾਪਿਤ ਕਰਨ ਵਿਚ ਵੀ ਕਾਮਯਾਬੀ ਹਾਸਲ ਕੀਤੀ ਹੈ। ਅੱਜ ਵੱਡੀਆਂ ਅੰਤਰਰਾਸ਼ਟਰੀ ਕੰਪਨੀਆਂ ਤੇ ਸੰਸਥਾਵਾਂ ਭਾਰਤ 'ਚ ਨਿਵੇਸ਼ ਕਰਨ ਨੂੰ ਪਹਿਲ ਦੇ ਰਹੀਆਂ ਹਨ। ਜੋ ਕੇ ਅੰਮ੍ਰਿਤਸਰ ਵੀ ਪਹੁੰਚਣੀਆਂ ਚਾਹੀਦੀਆਂ ਹਨ ਅਤੇ ਜਲਦ ਲਿਆਂਦੀਆਂ ਜਾਣਗੀਆਂ।

## ਗੁਰੂ ਨਗਰੀ ਦੇ ਵਿਕਾਸ ਅਤੇ ਸੇਵਾ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ : ਤਰਨਜੀਤ ਸਿੰਘ ਸੰਧੂ

ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਉਸ ਦਾ ਪ੍ਰਮੁੱਖ ਟੀਚਾ ਗੁਰੂ ਨਗਰੀ ਦਾ ਵਿਕਾਸ ਕਰਨਾ ਹੈ, ਇਸ ਲਈ ਉਹ ਦਿਨ ਰਾਤ ਮਿਹਨਤ ਕਰਨਗੇ ਅਤੇ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਹਨਾਂ ਦੱਸਿਆ ਕਿ ਉਨ੍ਹਾਂ ਨੇ ਨਵੀਂ ਦਿੱਲੀ ਵਿਖੇ ਭਾਜਪਾ ਦੇ ਸੀਨੀਅਰ ਆਗੂਆਂ ਤੇ ਕੇਂਦਰੀ ਮੰਤਰੀਆਂ ਨਾਲ ਮੁਲਾਕਾਤਾਂ ਕੀਤੀਆਂ ਹਨ। ਜੋ ਅੰਮ੍ਰਿਤਸਰ ਦੇ ਵਿਕਾਸ ਅਤੇ ਖ਼ੁਸ਼ਹਾਲੀ ਲਈ ਹਰ ਤਰਾਂ ਸਹਿਯੋਗ ਦੇਣ ਲਈ ਤਤਪਰ ਹਨ। ਸਰਦਾਰ ਸੰਧੂ ਦਾ ਇਥੇ ਪਹੁੰਚਣ 'ਤੇ ਸਵਾਗਤ ਕਰਨ ਵਾਲਿਆਂ ਵਿਚ ਸੁਖਮਿੰਦਰ ਸਿੰਘ ਪਿੰਟੂ ਇੰਚਾਰਜ ਹਲਕਾ ਉੱਤਰੀ, ਡਾ. ਰਾਮ ਚਾਵਲਾ ਹਲਕਾ ਕੇਂਦਰੀ, ਕੁਮਾਰ ਅਮਿਤ ਹਲਕਾ ਵੈਸਟ, ਜ਼ਿਲ੍ਹਾ ਜਨਰਲ ਸਕੱਤਰ ਮਨੀਸ਼ ਸ਼ਰਮਾ, ਸਲਿਲ ਕਪੂਰ ਜਨਰਲ ਸਕੱਤਰ, ਸੰਜੀਵ ਕੁਮਾਰ ਜ. ਸ, ਪਰਮਜੀਤ ਸਿੰਘ ਬੱਤਰਾ, ਮੀਨੂੰ ਸਹਿਗਲ, ਮੋਹਿਤ ਮਹਾਜਨ, ਸ਼ਰੁਤੀ ਵਿੱਜ ਮਹਿਲਾ ਮੋਰਚਾ ਪ੍ਰਧਾਨ ਅੰਮ੍ਰਿਤਸਰ, ਡਾਲੀ ਭਾਟੀਆ, ਮੋਨਿਕਾ ਸ੍ਰੀਧਰ, ਸ਼ਿਵ ਕੁਮਾਰ ਪ੍ਰਧਾਨ ਐਸ ਸੀ ਮੋਰਚਾ ਸ਼ਹਿਰੀ, ਸ਼ੁਭਮ ਦੇਵਗਨ ਜ. ਸ ਯੁਵਾ ਮੋਰਚਾ, ਸੌਰੰਗ ਜੇਤਲੀ ਮੀਤ ਪ੍ਰਧਾਨ ਯੁਵਾ ਮੋਰਚਾ ਆਦਿ ਵੀ ਮੌਜੂਦ ਸਨ।






## ਚਾਵਾਂ ਮਲ੍ਹਾਰਾਂ ਨਾਲ ਮਨਾਇਆ ਗਿਆ ਗੁਰੂ ਕਾਸ਼ੀ ਯੂਨੀਵਰਸਿਟੀ ਦਾ

# ਸਲਾਨਾ ਇਨਾਮ-ਵੰਡ ਸਮਾਰੋਹ ਤੇ ਸੱਭਿਆਚਾਰਕ ਪ੍ਰੋਗਰਾਮ "ਕਲਚਰਲ-ਪਲੂਜ਼ਾ"








**ਤਲਵੰਡੀ ਸਾਬੋ, 22 ਮਾਰਚ (ਗੁਰਜੰਟ ਸਿੰਘ ਨਥੇਹਾ)**- ਵੈਸ਼ਿਵਕ ਦੋਸਤੀ ਤੇ ਲੋਕਾਈ ਦੇ ਭਲੇ ਦਾ ਸੰਦੇਸ਼ ਦਿੰਦਾ ਗੁਰੂ ਕਾਸ਼ੀ ਯੂਨੀਵਰਸਿਟੀ ਦਾ ਸਲਾਨਾ ਇਨਾਮ ਵੰਡ ਸਮਾਰੋਹ ਅਤੇ ਸੱਭਿਆਚਾਰਕ ਪ੍ਰੋਗਰਾਮ "ਕਲਚਰਲ-ਪਲੂਜ਼ਾ" ਬੜੇ ਚਾਵਾਂ-ਮਲ੍ਹਾਰਾਂ ਨਾਲ ਮਨਾਇਆ ਗਿਆ। ਸਮਾਰੋਹ ਦੀ ਪ੍ਰਧਾਨਗੀ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਕੀਤੀ ਅਤੇ ਕਾਠਮਾਂਡੂ ਯੂਨੀਵਰਸਿਟੀ, ਨੇਪਾਲ ਦੇ ਉਪ-ਕੁਲਪਤੀ ਪ੍ਰੋ.(ਡਾ.) ਭੋਲਾ ਥਾਪਾ, ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਮੌਕੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਜੀ.ਕੇ.ਯੂ. ਦਾ ਇਹ ਸਮਾਰੋਹ ਗੁਰੂਆਂ ਵੱਲੋਂ ਦਿੱਤੇ ਗਏ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦਾ ਹੈ, ਤੇ ਵਿਦਿਆਰਥੀਆਂ ਨੇ ਬੜੀ ਖ਼ੂਬਸੂਰਤੀ ਨਾਲ ਭਾਰਤ ਦੀ ਅਨੇਕਤਾ ਵਿੱਚ ਏਕਤਾ ਨੂੰ ਬਾਖ਼ੂਬੀ ਮੰਚ 'ਤੇ ਪ੍ਰਦਰਸ਼ਿਤ ਕੀਤਾ ਹੈ।ਉਨ੍ਹਾਂ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਅਕਾਦਮਿਕ ਤੇ ਖੇਡਾਂ ਦੇ ਖੇਤਰ ਵਿੱਚ ਕੀਤੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਤੇ ਕਿਹਾ ਕਿ ਹੁਣ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਜੀ.ਕੇ.ਯੂ. ਮੋਹਰੀ ਹੈ।ਇਸ ਮੌਕੇ ਕਾਠਮਾਂਡੂ ਯੂਨੀਵਰਸਿਟੀ ਅਤੇ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਅਕਾਦਮਿਕ, ਸੱਭਿਆਚਾਰ ਅਤੇ ਖੋਜ ਦੇ ਖੇਤਰ ਵਿੱਚ ਸਹਿਯੋਗ ਲਈ ਇਕ ਇਕਰਾਰਨਾਮਾ ਸਹੀਬੱਧ ਦਿੱਤਾ ਗਿਆ। ਮੁੱਖ ਮਹਿਮਾਨ ਡਾ. ਥਾਪਾ ਨੇ ਸਮਝੌਤੇ ਨੂੰ ਇੱਕ ਵਿਸ਼ੇਸ਼ ਉਪਲਬਧੀ ਦੱਸਦੇ ਕਿਹਾ ਕਿ ਹੁਣ ਅੰਤਰ ਰਾਸ਼ਟਰੀ ਪੱਧਰ 'ਤੇ ਦੋਹੇਂ ਵਿੱਦਿਅਕ ਅਦਾਰੇ ਸਿੱਖਿਆ ਦੇ ਖੇਤਰ ਵਿੱਚ ਆਪਸੀ ਸਹਿਯੋਗ ਨਾਲ ਨਵੇਂ ਦਸਹਿੱਦੇ ਸਥਾਪਿਤ ਕਰਨਗੇ।ਉਨ੍ਹਾਂ ਇਸ ਨੂੰ ਵਿਸ਼ਵ ਦੋਸਤੀ ਵੱਲ ਇਕ ਮਹਤੱਵਪੂਰਨ ਕਦਮ ਦੱਸਿਆ। ਉਨ੍ਹਾਂ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮ ਦੌਰਾਨ ਕੁਦਰਤੀ ਸ੍ਰੋਤਾਂ, ਪਾਣੀ, ਹਵਾ, ਪੇੜ ਪੌਦੇ ਆਦਿ ਦੀ ਸਾਂਭ ਸੰਭਾਲ ਦਾ ਸੰਦੇਸ਼ ਦਿੰਦੇ ਸੱਭਿਆਚਾਰਕ ਪ੍ਰੋਗਰਾਮ ਦੀ ਸ਼ਲਾਘਾ ਕੀਤੀ। ਜੀ.ਕੇ.ਯੂ. ਦੇ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਨੇ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਸਲਾਨਾ ਰਿਪੋਰਟ ਪੇਸ਼ ਕਰਦੇ ਹੋਏ 'ਵਰਸਿਟੀ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ।ਉਨ੍ਹਾਂ ਅਕਾਦਮਿਕ ਖੇਤਰ ਵਿੱਚ 'ਵਰਸਿਟੀ ਨੂੰ ਨੈਕ ਏ++ ਗ੍ਰੇਡ ਦੀ ਮਾਨਤਾ ਮਿਲਣ ਅਤੇ ਭਾਰਤ ਸਰਕਾਰ ਵੱਲੋਂ ਆਯੋਜਿਤ ਖੇਲੋ ਇੰਡੀਆ ਖੇਡਾਂ ਵਿੱਚ 7ਵਾਂ ਸਥਾਨ ਹਾਸਿਲ ਕਰਨ ਦੀ ਵਧਾਈ ਦਿੱਤੀ। ਇਨਾਮ ਵੰਡ ਸਮਾਰੋਹ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਅਕਾਦਮਿਕ, ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਹਾਸਿਲ ਪ੍ਰਾਪਤੀਆਂ ਲਈ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਦੁਨੀਆਂ ਦੇ ਵੱਖ-ਵੱਖ ਦੇਸ਼ਾਂ ਤੇ ਭਾਰਤ ਦੇ ਵੱਖ-ਵੱਖ ਰਾਜਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ। ਸਮਾਰੋਹ ਵਿੱਚ ਸ. ਸੁਖਰਾਜ ਸਿੰਘ ਸਿੱਧੂ, ਮੈਨੇਜ਼ਿੰਗ ਡਾਇਰੈਕਟਰ, ਇੰਜ. ਸੁਖਵਿੰਦਰ ਸਿੰਘ, ਜਨਰਲ ਸਕੱਤਰ, ਬਾਲਾ ਜੀ ਐਜੂਕੇਸ਼ਨਲ ਟਰਸਟ, ਡਾ. ਜਗਤਾਰ ਸਿੰਘ ਧੀਮਾਨ, ਰਜਿਸਟਰਾਰ, ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਨੇ ਹੁੰਮ-ਹੁੰਮਾਂ ਕੇ ਹਿੱਸਾ ਲਿਆ। ਡਾਇਰੈਕਟਰ ਵਿਦਿਆਰਥੀ ਭਲਾਈ ਸ. ਸਰਦੂਲ ਸਿੰਘ ਸਿੱਧੂ ਦੇ ਧੰਨਵਾਦੀ ਸ਼ਬਦਾਂ ਨਾਲ ਸਮਾਰੋਹ ਸਮਾਪਤ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

### ਜੀ.ਕੇ.ਯੂ. ਅਤੇ ਕਾਠਮਾਂਡੂ ਯੂਨੀਵਰਸਿਟੀ ਨੇਪਾਲ ਵਿਚਕਾਰ ਦੁਵੱਲਾ ਸਮਝੌਤਾ ਸਹੀਬੱਧ

## ਯੂਥ ਆਗੂ ਧਾਲੀਵਾਲ ਅਤੇ ਬਾਜਵਾ ਨੇ

# ਬਿਕਰਮ ਮਜੀਠੀਆ ਨਾਲ ਕੀਤੀ ਮੁਲਾਕਾਤ



ਗੁਰੂਸਰ ਸੁਧਾਰ 22 ਮਾਰਚ (ਗੁਰਜੰਟ ਸਿੰਘ ਖਾਲਸਾ)- ਯੂਥ ਅਕਾਲੀ ਦਲ ਕੋਰ ਕਮੇਟੀ ਮੈਂਬਰ ਪ੍ਰਭਜੋਤ ਸਿੰਘ ਧਾਲੀਵਾਲ ਅਤੇ ਯੂਥ ਅਕਾਲੀ ਦਲ ਨਵ ਨਿਯੁਕਤ ਦੇਹਾਤੀ ਜ਼ਿਲਾ ਪ੍ਰਧਾਨ ਬਲਕਰਨ ਬਾਜਵਾ ਨੇ ਬਿਕਰਮ ਸਿੰਘ ਮਜੀਠੀਆ ਦੇ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕਰਦਿਆਂ ਉਹਨਾਂ ਤੋਂ ਅਸ਼ੀਰਵਾਦ ਹਾਸਲ ਕੀਤਾ। ਜਿਸ ਦੌਰਾਨ ਗੱਲਬਾਤ ਸਮੇਂ ਮਜੀਠੀਆ ਨੇ ਯੂਥ ਆਗੂਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰਦੇ ਹੋਏ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਯੂਥ ਨੂੰ ਲਾਮਬੰਦ ਕਰਨ ਦੀ ਗੱਲ ਆਖੀ। ਉਨਾਂ ਕਿਹਾ ਕਿ ਯੂਥ ਆਗੂ ਆਉਣ ਵਾਲੀਆਂ ਚੋਣਾਂ ਦੇ ਵਿੱਚ ਵੱਡਾ ਤੇ ਅਹਿਮ ਰੋਲ ਅਦਾ ਕਰਨਗੇ। ਇਸ ਮੌਕੇ ਗੱਲਬਾਤ ਦੌਰਾਨ ਪ੍ਰਭਜੋਤ ਸਿੰਘ ਧਾਲੀਵਾਲ ਅਤੇ ਬਲਕਰਨ ਸਿੰਘ ਬਾਜਵਾ ਨੇ ਮਜੀਠੀਆ ਦਾ ਅਸ਼ੀਰਵਾਦ ਲੈਂਦੇ ਹੋਏ ਕਿਹਾ ਕਿ ਯੂਥ ਆਗੂ ਪੂਰੀ ਤਰਾਂ ਤਿਆਰ ਹਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਲਗਾਤਾਰ ਘਰ ਘਰ ਤੱਕ ਪਹੁੰਚਾ ਰਹੇ ਹਨ ਅਤੇ ਲੋਕਾਂ ਦਾ ਭਰਵਾਂ ਸਮਰਥਨ ਵੀ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਨਜ਼ਰ ਆ ਰਿਹਾ ਹੈ ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਦੇ ਵਿੱਚ ਪਾਰਟੀ ਨੂੰ ਬਲ ਮਿਲੇਗਾ ਅਤੇ ਇੱਕ ਵਾਰ ਫਿਰ ਤੋਂ ਪੰਜਾਬ ਦੀ ਸੱਤਾ ਦੀ ਡੋਰ ਸਰਦਾਰ ਬਾਦਲ ਦੇ ਹੱਥਾਂ ਵਿੱਚ ਨਜ਼ਰ ਆਵੇਗੀ। ਇਸ ਮੌਕੇ ਉਨਾਂ ਦੇ ਨਾਲ ਕੋਰ ਕਮੇਟੀ ਮੈਂਬਰ ਕੰਵਰਦੀਪ ਸਿੰਘ ਜੱਗੀ ਦੋਰਾਹਾ, ਚੰਦ ਸਿੰਘ ਡੱਲਾ, ਗੁਰਸੇਵਕ ਸਿੰਘ ਸਿੱਧੂ, ਕਰਨਵੀਰ ਸਿੰਘ ਸੇਖੋਂ ਆਦਿ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਵਡਾਲੀ ਡੋਗਰਾਂ ਵੱਲੋਂ ਰੰਧਾਵਾ ਪਰਿਵਾਰ ਦੇ ਸਹਿਯੋਗ ਨਾਲ ਮਾਨਾਂਵਾਲਾ ਵਿਖੇ ਹੋਲੇ ਮੁਹੱਲੇ ਨੂੰ ਸਮਰਪਿਤ ਲੰਗਰਾਂ ਦੀ ਹੋਈ ਆਰੰਭਤਾ ਭਾਈ ਸੰਧੂ




ਜੰਡਿਆਲਾ ਗੁਰੂ 22 ਮਾਰਚ ( ਕੁਲਵੰਤ ਸਿੰਘ ਵਿਰਦੀ) ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਹੋਲੇ ਮੁਹੱਲੇ ਦੇ ਜੋੜ ਮੇਲੇ ਮੌਕੇ ਦੇਸ਼ਾਂ ਵਿਦੇਸ਼ਾਂ ਤੋਂ ਗੁਰੂ ਨਾਨਕ ਲੇਵਾ ਸੰਗਤਾਂ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨਛੋਹ ਧਰਤੀ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਥਿਤ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਬੇਅੰਤ ਪਵਿੱਤਰ ਗੁਰਧਾਮਾਂ ਦੇ ਦਰਸ਼ਨਾਂ ਲਈ ਪਹੁੰਚਦੀਆਂ ਹਨ ਅਤੇ ਇਸੇ ਜੋੜ ਮੇਲੇ ਨੂੰ ਸਮਰਪਿਤ ਦਰਸ਼ਨਾਂ ਨੂੰ ਜਾਂਦੀਆਂ ਸੰਗਤਾਂ ਲਈ ਸ਼੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ (ਰਜਿ.), ਪਿੰਡ ਵਡਾਲੀ ਡੋਗਰਾਂ, ਅੰਮ੍ਰਿਤਸਰ ਦੀ ਅਤੇ ਇਲਾਕੇ ਦੀ ਸੰਗਤਾਂ ਤੇ ਬਾਬਾ ਅਮਰ ਸਿੰਘ ਜੀ, ਬਾਬਾ ਬਘੇਲ ਸਿੰਘ ਜੀ ਦੇ ਜਨਮ ਅਸਥਾਨ ਪਿੰਡ ਭੂਸੇ, ਜ਼ਿਲ੍ਹਾ ਤਰਨ ਤਾਰਨ ਤੋਂ ਆਈਆਂ ਸੰਗਤਾਂ ਅਤੇ ਸਮੂਹ ਰੰਧਾਵਾ ਪਰਿਵਾਰ ਦੇ ਕੰਟਰਈਸਆਈਡ ਫੈਕਟਰੀ ਆਊਟਲੈੱਟਸ, ਮਾਨਾਂਵਾਲਾ ਕਲਾਂ ਵਿਖੇ ਬੀਤੇ ਦਿਨ 20 ਮਾਰਚ ਤੋਂ ਗੁਰੂ ਕੇ ਲੰਗਰ ਆਰੰਭ ਕੀਤੇ ਗਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਸ਼੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ (ਰਜਿ.) ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਅਤੇ ਮੀਤ ਪ੍ਰਧਾਨ ਸੰਦੀਪ ਸਿੰਘ ਮੌਜੀ ਅਤੇ ਮੁੱਖ ਸੇਵਾਦਾਰ ਗਿਆਨੀ ਹਰਭਜਨ ਸਿੰਘ , ਨੇ ਦੱਸਿਆ ਕਿ ਪਿਛਲੇ ਸੱਤ ਸਾਲਾਂ ਤੋਂ ਇਹ ਦੋਵੇਂ ਪਿੰਡ ਆਪਸੀ ਸਹਿਯੋਗ ਨਾਲ ਹੋਲੇ ਮਹੱਲੇ ਮੌਕੇ ਲੰਗਰ ਲਗਾਇਆ ਜਾਂਦਾ ਹੈ ਤੇ ਇਹ ਸੱਤਵਾਂ ਲੰਗਰ ਹੈ । ਇਹ ਲੰਗਰ 20 ਤਰੀਕ ਦਿਨ ਬੁੱਧਵਾਰ ਬੁੱਧਵਾਰ ਤੋਂ ਆਰੰਭ ਹੋ ਕਿ 27ਮਾਰਚ ਦਿਨ ਬੁੱਧਵਾਰ ਤੱਕ ਦਿਨ ਰਾਤ ਚੱਲੇਗਾ ।ਲੰਗਰ ਵਿੱਚ ਸੰਗਤ ਲਈ ਵੱਖ ਵੱਖ ਤਰ੍ਹਾਂ ਦੇ ਪਦਾਰਥ ਬਣਾਏ ਜਾ ਰਹੇ ਹਨ। ਜਿਸ ਵਿੱਚ ਨੌਜਵਾਨ ਅਤੇ ਖ਼ਾਸ ਕਰਕੇ ਛੋਟੇ ਛੋਟੇ ਬੱਚੇ ਸੇਵਾ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ ।ਸੋ ਬੀਤੇ ਦਿਨ ਗੁਰੂ ਚਰਨਾਂ ਵਿੱਚ ਅਰਦਾਸ ਕਰਨ ਉਪਰੰਤ ਲੰਗਰਾਂ ਦੀ ਸ਼ੁਰੂਆਤ ਕੀਤੀ ਗਈ ਅਤੇ 8 ਦਿਨ 24 ਘੰਟੇ ਲੰਗਰ ਚੱਲਣਗੇ ।ਇਸ ਮੌਕੇ ਬਾਬਾ ਬਘੇਲ ਸਿੰਘ , ਬਾਬਾ ਅਮਰ ਸਿੰਘ ਜੀ ਦੇ ਸੇਵਾਦਾਰਾਂ ਬਾਬਾ ਹਰਭਜਨ ਸਿੰਘ , ਉਹਨਾਂ ਦੇ ਸਾਥੀ , ਬਾਬਾ ਗੁਰਨਾਮ ਸਿੰਘ , ਬਾਬਾ ਸੋਨਾ ਸਿੰਘ , ਬਾਬਾ ਲਾਲ ਸਿੰਘ , ਗੁਰਪ੍ਰੀਤ ਸਿੰਘ ਗੋਪੀ , ਬਲਵਿੰਦਰ ਸਿੰਘ , ਭੁਪਿੰਦਰ ਸਿੰਘ ਦੋਜੀ , ਬਲਵੀਰ ਸਿੰਘ , ਬਾਬਾ ਮਹਿਲ ਸਿੰਘ , ਗੁਰਸਾਹਿਬ ਸਿੰਘ , ਸਾਬ ਸਿੰਘ , ਗੁਰਬਾਜ਼ ਸਿੰਘ ਸੁਰਿੰਦਰ ਸਿੰਘ ਰੰਧਾਵਾ , ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਗਹਿਰੀ ਮੰਡੀ ਭਗਤ , ਦਿਲਬਾਗ ਸਿੰਘ , ਨਿਰਮਲ ਸਿੰਘ , ਜਸਬੀਰ ਸਿੰਘ , ਗਿਆਨੀ ਸੁਰਜਨ ਸਿੰਘ , ਬੂਟਾ ਸਿੰਘ , ਹਰਭਜਨ ਸਿੰਘ ਸਲਾਹਕਾਰ ਸੇਵਾ ਸੋਸਾਇਟੀ , ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ , ਸਲਾਹਕਾਰ ਹੀਰਾ ਸਿੰਘ , ਦਿਲਜੀਤ ਸਿੰਘ ਜੀਤਾ , ਅਬਜੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਸ਼ਿਵਰਾਤਰੀ ਦੇ ਸਬੰਧ ਵਿੱਚ ਡੱਲਾ ਬਲੀਮ ਵਿਖੇ ਵਿਸ਼ਾਲ ਜਗਰਾਤਾ ਅਤੇ ਭੰਡਾਰਾ ਕਰਵਾਇਆ ਗਿਆ



**ਪਠਾਨਕੋਟ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼ਿਵ ਸ਼ਕਤੀ ਕਲੱਬ ਡੱਲਾ ਬਲੀਮ ਵੱਲੋਂ ਪਿੰਡ ਡੱਲਾ ਬਲੀਮ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪ੍ਰਧਾਨ ਮੋਹਨ ਲਾਲ ਦੀ ਅਗਵਾਈ ਹੇਠ ਮਹਾਂ ਸ਼ਿਵਰਾਤਰੀ ਦੇ ਸਬੰਧ ਵਿਚ ਵਿਸ਼ਾਲ ਜਗਰਾਤਾ ਕਰਵਾਇਆ ਗਿਆ। ਇਸ ਦੌਰਾਨ ਕਲੱਬ ਪ੍ਰਧਾਨ ਮੋਹਨ ਲਾਲ ਅਤੇ ਮੈਂਬਰਾਂ ਰਾਜੇਸ਼ ਕੁਮਾਰ ਸੇਠੀ, ਜੋਗਿੰਦਰ ਪਾਲ ਲੰਬੜਦਾਰ ਨੇ ਦੱਸਿਆ ਕਿ ਪੂਰੇ ਵਿਧੀ ਵਿਧਾਨ ਨਾਲ ਪੂਜਾ ਅਰਚਨਾ ਤੋਂ ਬਾਅਦ ਜੋਗਿੰਦਰ ਪਾਲ ਐਂਡ ਪਾਰਟੀ ਨੇ ਗਣੇਸ਼ ਵੰਦਨਾ ਨਾਲ ਜਾਗਰਣ ਦੀ ਸ਼ੁਰੂਆਤ ਕੀਤੀ। ਉਪਰੰਤ 'ਭੋਲੇ ਨਾਥ ਦੀ ਸ਼ਾਦੀ ਹਮ ਤੋ ਨਾਚੇਂਗੇ....' ਅਤੇ 'ਭੋਲੇ ਦੀ ਬਰਾਤ ਚਲੀ....' 'ਤੇ ਭਜਨ 'ਤੇ ਪਿੰਡ ਵਾਸੀਆਂ ਨੇ ਖ਼ੂਬ ਭੰਗੜਾ ਪਾਇਆ। ਇਸ ਦੇ ਨਾਲ ਹੀ ਭਗਵਾਨ ਭੋਲੇ ਨਾਥ, ਮਾਤਾ ਰਾਣੀ, ਬਾਬਾ ਬਾਲਕ ਨਾਥ ਅਤੇ ਹੋਰ ਦੇਵੀ ਦੇਵਤਿਆਂ ਦੀਆਂ ਮਹਿਮਾ ਕਰਦੇ ਹੋਏ ਵੱਖ-ਵੱਖ ਸੁੰਦਰ ਝਾਕੀਆਂ ਵੀ ਪੇਸ਼ ਕੀਤੀਆਂ। ਅੰਤ ਵਿੱਚ ਕਲੱਬ ਮੈਂਬਰਾਂ ਅਤੇ ਸੇਵਾਦਾਰਾਂ ਵੱਲੋਂ ਸੂਫੀ ਗਾਇਕ ਜੋਗਿੰਦਰ ਪਾਲ ਐਂਡ ਪਾਰਟੀ ਨੂੰ ਸਨਮਾਨਿਤ ਕੀਤਾ ਗਿਆ। ਸੰਗਤਾਂ ਲਈ ਚਾਹ, ਪਕੌੜੇ ਅਤੇ ਭੰਡਾਰਾ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਰਾਜੇਸ਼ ਕੁਮਾਰ, ਚੰਦਨ, ਜੋਗਿੰਦਰ ਪਾਲ ਲੰਬੜਦਾਰ, ਸਰਵਣ, ਸਾਜਨ, ਰਮੇਸ਼ ਚੰਦ, ਰੌਸ਼ਨ ਲਾਲ, ਲਵਲੀ, ਆਕਾਸ਼ਦੀਪ, ਅਰਜਨ, ਕਰਨ, ਰਘਬੀਰ ਚੰਦ, ਸੂਰਜ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 2013 ਬੈਚ ਦੇ ਆਈ.ਏ.ਐੱਸ. ਅਧਿਕਾਰੀ ਸ੍ਰੀ ਵਿਸ਼ੇਸ਼ ਸਾਰੰਗਲ ਨੇ

# ਡਿਪਟੀ ਕਮਿਸ਼ਨਰ ਗੁਰਦਾਸਪੁਰ ਵਜੋਂ ਅਹੁਦਾ ਸੰਭਾਲਿਆ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 22 ਮਾਰਚ (ਕੁਲਜੀਤ ਸਿੰਘ ਖੋਖਰ)**-2013 ਬੈਚ ਦੇ ਆਈ.ਏ.ਐੱਸ. ਅਧਿਕਾਰੀ ਸ੍ਰੀ ਵਿਸ਼ੇਸ਼ ਸਾਰੰਗਲ ਨੇ ਅੱਜ ਸ਼ੁੱਕਰਵਾਰ ਨੂੰ ਗੁਰਦਾਸਪੁਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ ਹੈ। ਆਪਣੇ ਪਿਤਾ ਸ੍ਰੀ ਜਨਕ ਰਾਜ ਸਾਰੰਗਲ ਦੀ ਹਾਜ਼ਰੀ ਵਿੱਚ ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਨੇ ਅਧਿਕਾਰੀਆਂ ਨਾਲ ਜਾਣ-ਪਛਾਣ ਕਰਦਿਆਂ ਕਿਹਾ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਲੋਕ ਸਭਾ ਚੋਣਾਂ ਨੂੰ ਨਿਰਪੱਖ, ਸ਼ਾਂਤੀਪੂਰਵਕ ਅਤੇ ਆਜ਼ਾਦਾਨਾ ਮਾਹੌਲ ਵਿੱਚ ਨੇਪਰੇ ਚਾੜ੍ਹਨਾ

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਦੀ ਪ੍ਰਮੁੱਖ ਤਰਜੀਹ ਹੋਵੇਗੀ। ਅਗਾਮੀ ਲੋਕ ਸਭਾ ਚੋਣਾਂ ਦੌਰਾਨ ਨਿਰਪੱਖਤਾ ਅਤੇ ਪਾਰਦਰਸ਼ਤਾ ਦੇ ਸਿਧਾਂਤਾਂ 'ਤੇ ਜ਼ੋਰ ਦਿੰਦੇ ਹੋਏ, ਸ੍ਰੀ ਸਾਰੰਗਲ ਨੇ ਸਾਰੀਆਂ ਸਿਆਸੀ ਧਿਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਚੋਣ ਪ੍ਰਚਾਰ ਦੌਰਾਨ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਅੱਗੇ ਕਿਹਾ ਕਿ ਚੋਣਾਂ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹੀਲੇ ਬਰਕਰਾਰ ਰੱਖਿਆ ਜਾਵੇਗਾ ਅਤੇ ਕਿਸੇ ਨੂੰ ਵੀ ਅਮਨ-ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਉਹ ਆਪਣੀ ਡਿਊਟੀ ਨੂੰ ਪੂਰੀ ਮਿਹਨਤ, ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਅਤੇ ਨਾਗਰਿਕਾਂ ਦੀਆਂ ਸ਼ਿਕਾਇਤਾਂ ਨੂੰ ਤੁਰੰਤ ਹੱਲ ਕਰਨਾ ਯਕੀਨੀ ਬਣਾਇਆ ਜਾਵੇ। ਦੱਸਣਯੋਗ ਹੈ ਕਿ ਸ੍ਰੀ ਵਿਸ਼ੇਸ਼ ਸਾਰੰਗਲ ਇਸ ਤੋਂ ਪਹਿਲਾਂ ਸ਼ਹੀਦ ਭਗਤ ਸਿੰਘ ਨਗਰ, ਕਪੂਰਥਲਾ ਅਤੇ ਜਲੰਧਰ ਜ਼ਿਲ੍ਹਿਆਂ ਵਿੱਚ ਵੀ ਬਤੌਰ ਡਿਪਟੀ ਕਮਿਸ਼ਨਰ ਸ਼ਾਨਦਾਰ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਇਨ੍ਹਾਂ ਜ਼ਿਲ੍ਹਿਆਂ ਵਿੱਚ ਉਨ੍ਹਾਂ ਦਾ ਕਾਰਜਕਾਲ ਵਿਕਾਸ ਨੂੰ ਉਤਸ਼ਾਹਿਤ ਕਰਨ ਵਾਲਾ ਅਤੇ ਵਸਨੀਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਯਾਦਗਾਰੀ ਰਿਹਾ ਹੈ। ਇਸ ਮੌਕੇ ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ, ਐੱਸ.ਡੀ.ਐੱਮ. ਗੁਰਦਾਸਪੁਰ ਸ. ਕਰਮਜੀਤ ਸਿੰਘ, ਐੱਸ.ਡੀ.ਐੱਮ. ਬਟਾਲਾ ਸ੍ਰੀਮਤੀ ਸ਼ਾਇਰੀ ਮਲਹੋਤਰਾ, ਐੱਸ.ਡੀ.ਐੱਮ. ਦੀਨਾਨਗਰ ਸ੍ਰੀ ਗੁਰਦੇਵ ਸਿੰਘ ਧਾਮ, ਸਹਾਇਕ ਕਮਿਸ਼ਨਰ (ਜ) ਸ੍ਰੀ ਅਸ਼ਵਨੀ ਅਰੋੜਾ, ਐੱਸ.ਡੀ.ਐੱਮ. ਕਲਾਨੌਰ ਮੈਡਮ ਜਿਓਤਸਨਾ ਸਿੰਘ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਸ. ਹਰਦੀਪ ਸਿੰਘ, ਐੱਸ.ਡੀ.ਐੱਮ. ਫ਼ਤਹਿਗੜ੍ਹ ਚੂੜੀਆਂ ਸ. ਸੁਖਰਾਜ ਸਿੰਘ ਢਿਲੋਂ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।



**☛ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਲੋਕ ਸਭਾ ਚੋਣਾਂ ਨੂੰ ਯਕੀਨੀ ਬਣਾਉਣਾ ਉਨ੍ਹਾਂ ਦੀ ਪ੍ਰਮੁੱਖ ਤਰਜੀਹ ਰਹੇਗੀ - ਸ੍ਰੀ ਵਿਸ਼ੇਸ਼ ਸਾਰੰਗਲ ☛ ਜ਼ਿਲ੍ਹੇ ਵਿੱਚ ਆਦਰਸ਼ ਚੋਣ ਜ਼ਾਬਤੇ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇਗਾ**

### ਸਿੱਖ ਯੂਥ ਯੂਕੇ ਦੇ ਭੜਕਾਊ ਚਿੱਤਰਣ ਲਈ ਓਏਸਿਸ ਦੀ ਮੁਆਫੀ ਨੂੰ ਕੀਤਾ ਰੱਦ: ਯੂਨਾਈਟਿਡ ਸਿੱਖਸ-ਯੂਕੇ

# ਸਿੱਖ ਯੂਥ ਯੂਕੇ ਨੂੰ ਕੱਟੜਪੰਥੀ ਸਮੂਹ ਵਜੋਂ ਲੇਬਲ ਕਰਨ ਦੇ ਫੈਸਲੇ ਬਾਰੇ ਜਵਾਬਦੇਹੀ ਦੀ ਮੰਗ : ਮੰਜਿਦਰਪਾਲ ਕੌਰ

**ਨਵੀਂ ਦਿੱਲੀ, 22 ਮਾਰਚ (ਮਨਪ੍ਰੀਤ ਸਿੰਘ ਖਾਲਸਾ)**-ਓਏਸਿਸ ਕਮਿਊਨਿਟੀ ਲਰਨਿੰਗ ਵੱਲੋਂ ਸਿੱਖ ਯੂਥ ਯੂਕੇ ਦੇ ਉਨ੍ਹਾਂ ਦੀ ਅਧਿਆਪਨ ਸਮੱਗਰੀ ਅੰਦਰ ਭੜਕਾਊ ਚਿਤਰਣ ਸਬੰਧੀ ਤਾਜ਼ਾ ਪੱਤਰ ਵਿਹਾਰ ਦੇ ਜਵਾਬ ਵਿੱਚ, ਯੂਨਾਈਟਿਡ ਸਿੱਖਸ-ਯੂਕੇ ਨੇ ਉਨ੍ਹਾਂ ਦੀ ਯੋਗ ਮੁਆਫ਼ੀ ਨੂੰ ਸਪੱਸ਼ਟ ਰੂਪ ਵਿੱਚ ਰੱਦ

ਆਵਾਜ਼ਿ ਕੌਮ AWAZE QAUM International Newspaper & WEB TV

ਕਰ ਦਿੱਤਾ ਹੈ। ਓਏਸਿਸ ਦੇ ਸੀਈਓ ਜੌਹਨ ਬਾਰਨੇਬੀ ਨੂੰ ਲਿਖੇ ਇੱਕ ਪੱਤਰ ਵਿੱਚ, ਯੂਨਾਈਟਿਡ ਸਿੱਖਸ ਦੀ ਕਾਨੂੰਨੀ ਨਿਰਦੇਸ਼ਕ ਮਜਿੰਦਰਪਾਲ ਕੌਰ ਨੇ ਜ਼ੋਰ ਦੇ ਕੇ ਕਿਹਾ, "ਹਾਲਾਂਕਿ ਮੈਂ ਤੁਹਾਡੇ ਭਰੋਸੇ ਨੂੰ ਨੋਟ ਕਰਦੀ ਹਾਂ ਕਿ ਅਪਰਾਧਕ ਸਮੱਗਰੀ ਨੂੰ ਹਟਾ ਦਿੱਤਾ ਗਿਆ ਹੈ, ਇਸ ਗੱਲ 'ਤੇ ਜ਼ੋਰ ਦੇਣਾ ਜ਼ਰੂਰੀ ਹੈ ਕਿ ਇਸ ਮਾਮਲੇ ਵਿੱਚ ਯੋਗ ਮੁਆਫੀ ਨਾਕਾਫੀ ਹੈ। ਕਿਉਂਕਿ ਸਮੱਗਰੀ ਦੀ ਗੰਭੀਰ ਪ੍ਰਕਿਰਤੀ ਅਤੇ ਸਿੱਖ ਭਾਈਚਾਰੇ 'ਤੇ ਇਸ ਦੇ ਪ੍ਰਭਾਵ ਨੂੰ ਦੇਖਦੇ ਹੋਏ, ਇੱਕ ਅਣਰੱਖਿਅਤ ਜਨਤਕ ਮੁਆਫੀ ਦੀ ਲੋੜ ਹੈ।÷

ਮਜਿੰਦਰਪਾਲ ਕੌਰ ਨੇ ਬਾਰਨਬੀ ਨੂੰ ਲਿਖੀ ਆਪਣੀ ਚਿੱਠੀ ਵਿੱਚ ਲਿਖਿਆ, "ਵਿਚਾਰ ਵਾਲੀ ਸਮੱਗਰੀ ਸਿਰਫ਼ 'ਅਣਉਚਿਤ' ਹੀ ਨਹੀਂ ਸੀ, ਸਗੋਂ ਨੁਕਸਾਨਦੇਹ, ਅਪਮਾਨਜਨਕ ਅਤੇ ਮਜ਼ਬੂਤ ਅਤੇ ਸੰਮਲਿਤ ਭਾਈਚਾਰਿਆਂ ਦੇ ਨਿਰਮਾਣ ਦੇ ਉਦੇਸ਼ ਦੇ ਵਿਰੁੱਧ ਵੀ ਸੀ।" ਯੂਨਾਈਟਿਡ ਸਿੱਖਸ-ਯੂਕੇ ਨੇ ਪਾਠਕ੍ਰਮ ਦੇ ਵਿਕਾਸ ਦੌਰਾਨ ਸਲਾਹ-ਮਸ਼ਵਰੇ ਦੀ ਪ੍ਰਕਿਰਿਆ ਬਾਰੇ ਓਏਸਿਸ ਤੋਂ ਸਪੱਸ਼ਟੀਕਰਨ ਮੰਗਿਆ ਅਤੇ ਸਿੱਖ ਯੂਥ ਯੂਕੇ ਨੂੰ ਕੱਟੜਪੰਥੀ ਸਮੂਹ ਵਜੋਂ ਲੇਬਲ ਕਰਨ ਦੇ ਫੈਸਲੇ ਬਾਰੇ ਜਵਾਬਦੇਹੀ ਦੀ ਮੰਗ ਕੀਤੀ। ਇਸ ਤੋਂ ਇਲਾਵਾ, ਓਏਸਿਸ ਕਮਿਊਨਿਟੀ ਲਰਨਿੰਗ ਦੀ ਉਹਨਾਂ ਦੀਆਂ ਅਕੈਡਮੀਆਂ ਵਿੱਚ ਇੱਕੋ ਸਮੱਗਰੀ ਦੀ ਵਰਤੋਂ ਦੀ ਪੁਸ਼ਟੀ ਕਰਨ ਵਿੱਚ ਅਸਫਲਤਾ ਅਤੇ ਇਲਾਜ ਸੰਬੰਧੀ ਕਾਰਵਾਈ ਲਈ ਯੂਨਾਈਟਿਡ ਸਿੱਖਸ-ਯੂਕੇ ਦੀ ਬੇਨਤੀ ਪ੍ਰਤੀ ਉਹਨਾਂ ਦੀ ਪ੍ਰਤੀਕਿਰਿਆ ਦੀ ਘਾਟ ਡੂੰਘਾਈ ਨਾਲ ਸਬੰਧਤ ਹੈ।

ਮਜਿੰਦਰਪਾਲ ਕੌਰ ਨੇ ਆਪਣੇ ਮੀਡੀਆ ਬਿਆਨ ਵਿੱਚ ਕਿਹਾ, "ਅਸੀਂ ਓਏਸਿਸ ਕਮਿਊਨਿਟੀ ਲਰਨਿੰਗ ਤੋਂ ਇੱਕ ਠੋਸ ਹੁੰਗਾਰੇ ਦੀ ਉਮੀਦ ਕਰਦੇ ਹਾਂ, ਇਹ ਯਕੀਨੀ ਬਣਾਉਣ ਲਈ ਕਿ ਹੋਰ ਧਾਰਮਿਕ ਭਾਈਚਾਰਿਆਂ ਬਾਰੇ ਨੁਕਸਾਨਦੇਹ ਅਤੇ ਗਲਤ ਸਮੱਗਰੀ ਉਹਨਾਂ ਦੀ ਸਿੱਖਿਆ ਸਮੱਗਰੀ ਵਿੱਚ ਸ਼ਾਮਲ ਨਾ ਕੀਤੀ ਜਾਵੇ।"




# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਪਬਲਿਕ ਸਕੂਲ ਸ੍ਰੀ ਹਰਗੋਬਿੰਦਪੁਰ ਸਾਹਿਬ ਜੀ ਦੇ ਵਿਦਿਆਰਥੀਆਂ ਨੇ ਪਹਿਲਾਂ ਦੂਜਾ ਤੀਜਾ ਸਥਾਨ ਹਾਸਲ ਕੀਤਾ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 22 ਮਾਰਚ (ਕੁਲਜੀਤ ਸਿੰਘ ਖੋਖਰ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਅਧੀਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਪਬਲਿਕ ਸਕੂਲ ਸ੍ਰੀ ਹਰਗੋਬਿੰਦਪੁਰ ਸਾਹਿਬ ਜੀ ਦੇ ਵਿਦਿਆਰਥੀਆਂ ਨੇ ਛੇਵੀਂ ਜਮਾਤ ਵਿਚੋਂ ਪਹਿਲਾ ਦੂਜਾ ਤੀਜਾ ਸਥਾਨ ਪ੍ਰਾਪਤ ਕੀਤਾ ਜਿਨ੍ਹਾਂ ਵਿਚੋਂ ਪ੍ਰਿਅੰਕਾ ਨੇ ਪਹਿਲਾ ਸਥਾਨ ਹਾਸਲ ਕੀਤਾ ਨਵਨੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ ਅਤੇ ਪ੍ਰਭਜੋਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ ਅਤੇ ਆਪਣੇ ਅਧਿਆਪਕਾਂ ਦੀ ਕਰਵਾਈ ਹੋਈ ਮੇਹਨਤ ਨੂੰ ਚਾਰ ਚੰਦ ਲਾਏ ਬੱਚਿਆਂ ਦੇ ਮਾਪਿਆਂ ਨੇ ਆਪਣੇ ਬੱਚਿਆਂ ਦੇ ਪਹਿਲਾ ਤੇ ਦੂਜਾ ਤੀਜਾ ਸਥਾਨ ਹਾਸਲ ਕਰਨ ਲਈ ਖੁਸ਼ੀ ਜ਼ਿਹਰ ਕੀਤੀ ਜਦੋਂ ਇਸ ਸਬੰਧੀ ਸਕੂਲ ਪ੍ਰਿੰਸੀਪਲ ਹਰਪ੍ਰੀਤ ਸਿੰਘ ਉਪਲ ਅਤੇ ਅਧਿਆਪਕਾਂ ਨਾਲ ਗਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸਕੂਲ ਵਿੱਚ ਜਿੰਨੇ ਵੀ ਅਧਿਆਪਕ ਹਨ ਉਹ ਬਹੁਤ ਹੀ ਇਮਾਨਦਾਰ ਅਤੇ ਤਜਰਬੇਕਾਰ ਹਨ ਤੇ ਬੱਚਿਆਂ ਨੂੰ ਬਹੁਤ ਹੀ ਤਨਦੇਹੀ ਨਾਲ ਪੜ੍ਹਾਉਂਦੇ ਹਨ ਜਿਸ ਦਾ ਸਿੱਟਾ ਤੁਹਾਡੇ ਸਾਹਮਣੇ ਹੈ ਅਗੇ ਉਹਨਾਂ ਕਿਹਾ ਕਿ ਸਾਡਾ ਸਾਰਾ ਸਟਾਫ ਬਹੁਤ ਵਧੀਆ ਹੈ ਤੇ ਨਵੇਂ ਸੈਸ਼ਨ ਦੌਰਾਨ ਬੱਚਿਆਂ ਨੂੰ ਹੋਰ ਸਖ਼ਤ ਮਿਹਨਤ ਕਰਵਾਉਣਗੇ ਇਸ ਮੌਕੇ ਬੱਚਿਆਂ ਨਾਲ ਮੈਡਮ ਹਰਜੀਤ ਕੌਰ ਸੰਧੂ ਮੈਡਮ ਸ਼ਰਨਜੀਤ ਕੌਰ ਲਵਦੀਪ ਕੋਰ ਰਵਿੰਦਰਜੀਤ ਸਿੰਘ ਦਿਲਬਾਗ ਸਿੰਘ ਅਨੂਜੀਤ ਕੌਰ ਰੁਪਿੰਦਰਜੀਤ ਕੌਰ ਮਨਪ੍ਰੀਤ ਕੌਰ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਵੱਲੋਂ ਰਾਸ਼ਟਰੀ ਅਰਥ ਸ਼ਾਸਤਰ ਦਿਵਸ ਮੌਕੇ ਅੰਤਰ ਕਾਲਜ/ਯੂਨੀਵਰਸਿਟੀ ਕੁਇਜ਼ ਅਤੇ ਇਸ਼ਿਤਹਾਰੀ ਮੁਕਾਬਲਾ ਕਰਵਾਇਆ






**ਤਲਵੰਡੀ ਸਾਬੋ, 22 ਮਾਰਚ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਵੱਲੋਂ ਰਾਸ਼ਟਰੀ ਅਰਥ ਸ਼ਾਸਤਰ ਦਿਵਸ ਮੌਕੇ ਅੰਤਰ ਕਾਲਜ/ਯੂਨੀਵਰਸਿਟੀ ਕੁਇਜ਼ ਮੁਕਾਬਲਾ ਅਤੇ ਇਸ਼ਿਤਹਾਰੀ ਮੁਕਾਬਲਾ ਕਰਵਾਇਆ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਕਾਲਜਾਂ ਜਿਵੇਂ ਕਿ ਰਜਿੰਦਰਾ ਕਾਲਜ

ਆਵਾਜ਼ਿ ਕੌਮ AWAZE QAUM International Newspaper & WEB TV

ਬਠਿੰਡਾ, ਯੂਨੀਵਰਸਿਟੀ ਕਾਲਜ ਘੁੱਦਾ, ਯੂਨੀਵਰਸਿਟੀ ਕਾਲਜ ਜੈਤੋ ਅਤੇ ਗੁਰੂ ਕਾਸ਼ੀ ਕਾਲਜ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸਮਾਗਮ ਵਿੱਚ ਕੁੱਲ 150 ਵਿਦਿਆਰਥੀਆਂ ਨੇ ਭਾਗ ਲਿਆ। ਸਮਾਗਮ ਦਾ ਉਦਘਾਟਨ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ (ਡਾ.) ਜੀ.ਐਸ. ਲਾਂਬਾ ਅਤੇ ਡੀਨ ਵਿਦਿਆਰਥੀ ਭਲਾਈ ਡਾ. ਸੰਦੀਪ ਸਿੰਘ ਚਹਿਲ ਨੇ ਕੀਤਾ। ਅਰਥ ਸ਼ਾਸਤਰ ਵਿਭਾਗ ਦੇ ਮੁਖੀ ਡਾ. ਪਰਵੀਨ ਰਾਣੀ ਨੇ ਸਵਾਗਤੀ ਭਾਸ਼ਣ ਦਿੱਤਾ। ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ ਅਰਥ ਸ਼ਾਸਤਰ ਦੇ ਮਾਡਲ ਪ੍ਰਦਰਸ਼ਿਤ ਕੀਤੇ ਗਏ ਜਿਨ੍ਹਾਂ ਦੀ ਸਾਰਿਆਂ ਵੱਲੋਂ ਸ਼ਲਾਘਾ ਕੀਤੀ ਗਈ। ਮਾਡਲ ਬਲੂ ਇਕਾਨਮੀ, ਅਰਥਚਾਰੇ ਦੇ ਤਿੰਨ ਖੇਤਰ, ਰੁਪਿਆ ਕਿਵੇਂ ਵਿਕਸਿਤ ਹੋਇਆ ਆਦਿ ਨਾਲ ਸਬੰਧਤ ਸਨ। ਕੁਇਜ਼ ਮੁਕਾਬਲੇ ਵਿੱਚ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਨੇ ਪਹਿਲਾ, ਸਰਕਾਰੀ ਰਾਜਿੰਦਰਾ ਕਾਲਜ ਬਠਿੰਡਾ ਦੇ ਵਿਦਿਆਰਥੀਆਂ ਨੇ ਦੂਜਾ ਅਤੇ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਲ ਕੀਤਾ। ਇਸ਼ਿਤਹਾਰਬਾਜ਼ੀ ਮੁਕਾਬਲੇ ਵਿੱਚ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਵਿਦਿਆਰਥੀਆਂ ਨੇ ਪਹਿਲਾ, ਸਰਕਾਰੀ ਰਾਜਿੰਦਰਾ ਕਾਲਜ ਬਠਿੰਡਾ ਦੇ ਵਿਦਿਆਰਥੀਆਂ ਨੇ ਦੂਜਾ ਅਤੇ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਲ ਕੀਤਾ। ਅੰਤ ਵਿੱਚ ਡੀਨ ਅਕਾਦਮਿਕ ਮਾਮਲੇ, ਮੇਜਰ ਜਨਰਲ (ਡਾ.) ਜੀ.ਐਸ. ਲਾਂਬਾ ਅਤੇ ਡੀਨ ਵਿਦਿਆਰਥੀ ਭਲਾਈ ਡਾ. ਸੰਦੀਪ ਸਿੰਘ ਨੇ ਇਨਾਮ ਵੰਡ ਸਮਾਰੋਹ ਦੀ ਅਗਵਾਈ ਕੀਤੀ ਅਤੇ ਭਵਿੱਖ ਵਿਚ ਵੀ ਵਿਭਾਗ ਤੇ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਦੇ ਆਯੋਜਨ ਕਰਨ ਲਈ ਪ੍ਰੇਰਿਤ ਕੀਤਾ।

# ਮੋਦੀ ਸਰਕਾਰ ਅਗਸਤਾ ਵੈਸਟਲੈਂਡ ਹੈਲੀਕਪਟਰ ਦੇ ਹੋਏ ਵੱਡੇ ਘਪਲੇ ਦੇ ਦੋਸ਼ੀਆਂ ਨੂੰ ਸਾਹਮਣੇ ਲਿਆਕੇ ਸਜਾਵਾਂ ਦਿਵਾਉਣ ਦਾ ਕਰਨ ਪ੍ਰਬੰਧ: ਮਾਨ

ਨਵੀਂ ਦਿੱਲੀ, 22 ਮਾਰਚ (ਮਨਪ੍ਰੀਤ ਸਿੰਘ ਖਾਲਸਾ):- "ਆਪਣੇ ਆਪ ਨੂੰ ਇਸ ਮੁਲਕ ਨੂੰ ਸਹੀ ਅਗਵਾਈ ਦੇਣ ਤੇ ਇਮਾਨਦਾਰੀ ਵੱਜੋ ਪੇਸ ਕਰਨ ਵਾਲੇ ਮੌਜੂਦਾ ਵਜੀਰ ਏ ਆਜਮ ਸ੍ਰੀ ਮੋਦੀ ਵੱਲੋ ਹੁਣ ਤੱਕ ਅਗਸਤਾ ਵੈਸਟਲੈਡ ਅਤੇ ਹੋਰ ਖਰੀਦੇ 12 ਵੀ.ਵੀ.ਆਈ.ਪੀ ਹੈਲੀਕਪਟਰਾਂ ਦੀ ਖਰੀਦੋ-ਫਰੋਖਤ ਵਿਚ ਜੋ 3600 ਕਰੋੜ ਦੀ ਵੱਡੀ ਰਕਮ ਦਾ ਘਪਲਾ ਵਿਚ ਸਾਮਿਲ ਹੁਕਮਰਾਨਾਂ, ਸ੍ਰੀ ਵਾਜਪਾਈ ਦੇ ਸਕੱਤਰ ਬ੍ਰਿਜੇਸ ਮਿਸਰਾ ਦੇ ਇਟਲੀ ਵਿਚ ਰਹਿ ਰਹੇ ਸੰਬੰਧੀ, ਏਅਰ ਚੀਫ ਮਾਰਸਲ ਤਿਆਗੀ, ਡਾਈਰੈਕਟਰ ਆਈ.ਬੀ ਅਤੇ ਬੰਗਾਲ ਦੇ ਰਹਿ ਚੁੱਕੇ ਗਵਰਨਰ ਮਿਸਟਰ ਐਮ.ਕੇ. ਨਰਾਇਨਣ ਅਤੇ ਐਸ.ਪੀ.ਜੀ. ਦੇ ਡਾਈਰੈਕਟਰ ਭਾਰਤ ਵੀਰ ਵਾਚੂ ਦੇ ਨਾਮ ਸਾਹਮਣੇ ਆਏ ਸਨ ।ਉਨ੍ਹਾਂ ਸੰਬੰਧੀ ਅਗਲੇਰੀ ਜਾਂਚ ਤੇ ਕਾਨੂੰਨੀ ਕਾਰਵਾਈ ਨਾ ਕਰਨ ਵਾਲੇ ਸ੍ਰੀ ਮੋਦੀ ਨੂੰ ਇਸ ਮੁਲਕ ਨੂੰ ਸੱਚੀ ਅਗਵਾਈ ਦੇਣ ਵਾਲੇ ਅਤੇ ਇਮਾਨਦਾਰ ਚੇਹਰੇ ਵੱਜੋ ਕਿਵੇ ਵਿਚਾਰਿਆ ਜਾ ਸਕਦਾ ਹੈ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਅਗਸਤਾ ਵੈਸਟਲੈਡ ਹੈਲੀਕਪਟਰ ਦੀ ਖਰੀਦੋ ਫਰੋਖਤ ਵਿਚ 3600 ਕਰੋੜ ਰੁਪਏ ਦੇ ਹੋਏ ਘਪਲੇ ਦੀ ਹੁਣ ਤੱਕ ਸਹੀ ਢੰਗ ਨਾਲ ਜਾਂਚ ਨਾ ਕਰਵਾਉਣ ਅਤੇ ਉਪਰੋਕਤ ਬੀਤੇ ਸਮੇ ਵਿਚ ਉੱਚ ਅਹੁਦਿਆ ਤੇ ਬੈਠੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿਚ ਖੜ੍ਹਾ ਕਰਕੇ ਸਜਾਵਾਂ ਨਾ ਦਿਵਾਉਣ ਉਤੇ ਗਹਿਰਾ ਦੁੱਖ ਤੇ ਅਫਸੋਸ ਜਾਹਰ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਹੁਣ ਤੱਕ ਉਪਰੋਕਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਜਾਂਚ ਨੂੰ ਮੰਜਿਲ ਵੱਲ ਕਿਉਂ ਨਹੀਂ ਵਧਾਇਆ ਗਿਆ ? ਉਨ੍ਹਾਂ ਅੱਗੇ ਚੱਲਕੇ ਕਿਹਾ ਕਿ ਮੋਦੀ ਹਕੂਮਤ ਵੱਲੋ ਆਪਣੇ ਆਪ ਨੂੰ ਸਾਫ ਸੁਥਰੀ ਹਕੂਮਤ ਅਖਵਾਉਣ ਦੇ ਝੂਠੇ ਦਾਅਵੇ ਤਾਂ ਕਰਦੀ ਹੈ ਪਰ ਇਹ ਗੱਲ ਉਦੋ ਖੁਦ ਹੀ ਸਾਹਮਣੇ ਆ ਜਾਂਦੀ ਹੈ ਜਦੋ ਬਾਹਰਲੇ ਮੁਲਕਾਂ ਤੋ ਆਧੁਨਿਕ ਹਥਿਆਰ ਖਰੀਦਣ ਦੇ ਮਾਮਲੇ ਵਿਚ ਅਖਬਾਰਾਂ, ਮੀਡੀਏ ਤੇ ਇਥੋ ਦੇ ਨਿਵਾਸੀਆ ਦੀਆਂ ਨਜਰਾਂ ਵਿਚ ਦੋਸ਼ੀ ਸਮਝੇ ਜਾਂਦੇ ਅਰਵਿੰਦ ਖੰਨਾ ਨੂੰ ਬੀਜੇਪੀ ਆਰ.ਐਸ.ਐਸ ਆਪਣੀ ਪਾਰਟੀ ਵਿਚ ਪ੍ਰਵਾਨ ਕਰ ਲੈਦੀ ਹੈ ਅਤੇ ਜਿਨ੍ਹਾਂ ਸੰਬੰਧੀ ਰਾਸਟਰਵਾਦੀ ਹੋਣ ਦਾ ਪ੍ਰਚਾਰ ਕੀਤਾ ਜਾਂਦਾ ਹੈ ।ਕੀ ਅਜਿਹੇ ਵੱਡੇ ਘਪਲਿਆ ਦੇ ਦੋਸ਼ੀਆਂ ਨੂੰ ਬੀਜੇਪੀ ਵੱਲੋ ਪ੍ਰਵਾਨ ਕਰਨ ਤੇ ਉਨ੍ਹਾਂ ਨੂੰ ਮੁਲਕ ਦੇ ਹਿਤੈਸੀ ਕਹਿਣ ਦੀ ਕੋਈ ਦਲੀਲ ਬਾਕੀ ਰਹਿ ਜਾਂਦੀ ਹੈ ? ਇਸ ਤੋ ਸਾਬਤ ਹੋ ਜਾਂਦਾ ਹੈ ਕਿ ਮੌਜੂਦਾ ਬੀਜੇਪੀ ਦੀ ਮੋਦੀ ਹਕੂਮਤ ਦੇ ਘਪਲੇ ਤੇ ਰਿਸਵਤਖੋਰੀ ਰੂਪੀ ਹਾਥੀ ਦੇ ਦੰਦ ਦਿਖਾਉਣ ਵਾਲੇ ਹੋਰ ਹਨ ਤੇ ਖਾਂਣ ਵਾਲੇ ਹੋਰ ਹਨ ।



ਆਵਾਜ਼ਿ ਕੌਮ AWAZE QAUM International Newspaper & WEB TV





# ਭਗਤ ਸਿੰਘ - ਦੇਸ਼ ਤੇ ਕੌਮ ਦੀ ਆਜ਼ਾਦੀ ਲਈ ਕਿਵੇਂ ਹੱਸ ਹੱਸ ਕੇ ਸੂਲੀ ਚੜ੍ਹਿਆ ਜਾਂਦੈ

**ਦੇਸ਼ ਦੀ** ਆਜ਼ਾਦੀ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਜਦੋਂ ਯੋਧਿਆਂ ਦੀ ਗੱਲ ਤੁਰਦੀ ਹੈ ਤਾਂ ਭਗਤ ਸਿੰਘ ਦਾ ਨਾਂ ਆਪ ਮੁਹਾਰੇ ਸਾਹਮਣੇ ਆ ਜਾਂਦਾ ਹੈ ।ਭਗਤ ਸਿੰਘ ਦਾ ਜਨਮ 28 ਸਤੰਬਰ 1907 ਨੂੰ ਜ਼ਿਲ੍ਹਾ ਲਾਇਲਪੁਰ ਦੇ ਪਿੰਡ ਬੰਗਾ (ਪੰਜਾਬ, ਮੌਜੂਦਾ ਪਾਕਿਸਤਾਨ) ਵਿਚ ਹੋਇਆ ਸੀ।ਉਨ੍ਹਾਂ ਦਾ ਜੱਦੀ ਘਰ ਅੱਜ ਵੀ ਭਾਰਤੀ ਪੰਜਾਬ ਦੇ ਨਵਾਂਸ਼ਹਿਰ (ਹੁਣ ਸ਼ਹੀਦ ਭਗਤ ਸਿੰਘ ਨਗਰ) ਜ਼ਿਲ੍ਹੇ ਦੇ ਪਿੰਡ ਖਟਕੜ ਕਲਾਂ ਵਿਖੇ ਮੌਜੂਦ ਹੈ।

**ਸ. ਭਗਤ ਸਿੰਘ ਦੇ ਪਰਿਵਾਰ ਬਾਰੇ**

ਭਗਤ ਸਿੰਘ ਦੇ ਦਾਦਾ ਸ:ਅਰਜਨ ਸਿੰਘ ਇੱਕ ਵਾਹੀਕਾਰ ਅਤੇ ਨਾਲ-ਨਾਲ ਯੂਨਾਨੀ ਹਿਕਮਤ ਦਾ ਵੀ ਗਿਆਨ ਰੱਖਦੇ ਸਨ।ਭਗਤ ਸਿੰਘ ਦੇ ਪਿਤਾ ਕਿਸ਼ਨ ਸਿੰਘ ਸਮਾਜ ਸੇਵਕ ਸਨ। 1906 ਵਿੱਚ ਕਿਸ਼ਨ ਸਿੰਘ ਕਾਂਗਰਸ ਦੇ ਮੈਂਬਰ ਬਣੇ ਅਤੇ ਸਿਆਸਤ ਵਿੱਚ ਹਿੱਸਾ ਲੈਣਾ ਸ਼ੁਰੂ ਕੀਤਾ । ਇਸ ਦੇ ਨਾਲ ਨਾਲ ਭਗਤ ਸਿੰਘ ਦੇ ਚਾਚਾ ਅਜੀਤ ਸਿੰਘ ਵੀ ਇੱਕ ਸਿਰਕੱਢ ਸਵਤੰਤਰਤਾ ਸੰਗਰਾਮੀ ਅਤੇ ਪ੍ਰਭਾਵਸ਼ਾਲੀ ਬੁਲਾਰੇ ਸਨ।ਭਗਤ ਸਿੰਘ ਆਪਣੇ ਚਾਚਾ ਅਜੀਤ ਸਿੰਘ ਦੀ ਸ਼ਖਸ਼ੀਅਤ ਤੋਂ ਵਧੇਰੇ ਪ੍ਰਭਾਵਿਤ ਸਨ ਅਤੇ ਇਸ ਦੇ ਨਾਲ ਨਾਲ ਭਗਤ ਦੇ ਕੋਮਲ ਹਿਰਦੇ ਤੇ ਕਰਤਾਰ ਸਿੰਘ ਸਰਾਭਾ ਦੀ ਸ਼ਹੀਦੀ ਦਾ ਗਹਿਰਾ ਅਸਰ ਪਿਆ। ਇਹ ਵੀ ਕਿਹਾ ਜਾਂਦਾ ਹੈ ਕਿ ਭਗਤ ਸਿੰਘ ਸਰਾਭੇ ਦੀ ਫ਼ੋਟੋ ਹਮੇਸ਼ਾਂ ਆਪਣੀ ਜੇਬ ਵਿੱਚ ਰੱਖਿਆ ਕਰਦਾ ਸਨ।

**ਸਿੱਖਿਆ** : ਭਗਤ ਸਿੰਘ ਦੀ ਸ਼ੁਰੂਆਤੀ ਤਾਲੀਮ ਲਾਇਲਪੁਰ ਦੇ ਜ਼ਿਲ੍ਹਾ ਬੋਰਡ ਪ੍ਰਾਇਮਰੀ ਸਕੂਲ ਵਿਖੇ ਹੋਈ।ਇਸ ਤੋਂ ਬਾਅਦ ਉਹ ਡੀਏਵੀ ਹਾਈ ਸਕੂਲ ਲਾਹੌਰ 'ਚ ਦਾਖ਼ਲ ਹੋਏ । 1923 ਵਿਚ ਉਨ੍ਹਾਂ ਲਾਹੌਰ ਦੇ ਨੈਸ਼ਨਲ ਕਾਲਜ ਵਿੱਚ ਦਾਖ਼ਲਾ ਲੈ ਲਿਆ ਤੇ ਕਾਲਜ ਦੇ ਮਾਹੌਲ ਵਿਚ ਹੀ ਘੁਲਮਿਲ ਗਏ ਅਤੇ ਕਾਲਜ ਦੀ ਡਰਾਮਾ ਕਮੇਟੀ ਦੇ ਸਰਗਰਮ ਮੈਂਬਰ ਵਜੋਂ ਆਪਣੀ ਵੱਖਰੀ ਪਛਾਣ ਬਣਾਈ।ਇਸ ਦੌਰਾਨ ਪੰਜਾਬ ਹਿੰਦੀ ਸਾਹਿਤ ਸੰਮੇਲਨ ਵੱਲੋਂ ਕਰਵਾਏ ਇਕ ਲੇਖ ਮੁਕਾਬਲੇ 'ਚੋਂ ਉਨ੍ਹਾਂ ਪਹਿਲਾ ਸਥਾਨ ਪ੍ਰਾਪਤ ਕੀਤਾ।ਜ਼ਿਕਰਯੋਗ ਹੈ ਕਿ ਭਗਤ ਸਿੰਘ ਨੂੰ ਉਰਦੂ, ਹਿੰਦੀ, ਪੰਜਾਬੀ, ਅੰਗਰੇਜ਼ੀ ਅਤੇ ਸੰਸਕ੍ਰਿਤ ਭਾਸ਼ਾਵਾਂ 'ਤੇ ਖਾਸੀ ਸੀ।ਉਨ੍ਹਾਂ ਨੂੰ ਬੰਗਲਾ ਭਾਸ਼ਾ ਦਾ ਵੀ ਗਿਆਨ ਸੀ 'ਬੰਗਲਾ', ਜੋ ਉਨ੍ਹਾਂ ਨੇ ਬੁਟਕੇਸ਼ਵਰ ਦੱਤ ਤੋਂ ਸਿੱਖੀ ਸੀ।ਭਗਤ ਸਿੰਘ ਲਾਹੌਰ ਦੇ ਨੈਸ਼ਨਲ ਕਾਲਜ ਦੀ ਪੜ੍ਹਾਈ ਛੱਡ ਕੇ ਹਿੰਦੁਸਤਾਨ ਸੋਸ਼ਿਲਸਟ ਰਿਪਬਲਿਕਨ ਐਸੋਸੀਏਸ਼ਨ ਦਾ ਹਿੱਸਾ ਬਣ ਕੇ ਕ੍ਰਾਂਤੀਕਾਰੀ ਸੰਗਠਨ ਨਾਲ ਜੁੜ ਗਏ।

**13 ਅਪ੍ਰੈਲ 1919 ਜਲ੍ਹਿਆਂਵਾਲਾ ਬਾਗ ਕਾਂਡ** : ਇਸੇ ਦੌਰਾਨ ਅੰਮ੍ਰਿਤਸਰ 'ਚ 13 ਅਪ੍ਰੈਲ 1919 ਨੂੰ ਹੋਏ ਜਲ੍ਹਿਆਂਵਾਲਾ ਬਾਗ ਕਾਂਡ ਨੇ, ਜਿੱਥੇ ਦੇਸ਼



ਦੇ ਆਮ ਲੋਕਾਂ ਅਤੇ ਵਿਸ਼ੇਸ਼ ਕਰ ਸੁਤੰਤਰਤਾ ਸੰਗਰਾਮੀਆਂ ਦੇ ਦਿਲਾਂ ਨੂੰ ਵਲੂੰਧਰ ਕੇ ਰੱਖ ਦਿੱਤਾ, ਉੱਥੇ ਇਸ ਕਤਲੇਆਮ ਨੇ ਭਗਤ ਸਿੰਘ ਦੀ ਸੋਚ ਉੱਤੇ ਵੀ ਡੂੰਘਾ ਅਸਰ ਛੱਡਿਆ। ਅਗਲੇ ਦਿਨਾਂ ਵਿੱਚ ਓਹ ਅਮ੍ਰਿਤਸਰ ਚਲੇ ਗਏ ਤੇ ਉਸ ਬਾਗ ਵਿਚੋਂ ਖ਼ੂਨ ਨਾਲ ਭਰੀ ਮਿਟੀ ਆਪਣੇ ਨਾਲ ਲੈਕੇ ਵਾਪਸ ਆਏ। ਇਸ ਘਟਨਾ ਨੇ ਉਨ੍ਹਾ ਦੇ ਦਿਲ 'ਚ ਅੰਗਰੇਜ਼ਾਂ ਖਿਲਾਫ਼ ਨਫਰਤ ਭਰ ਦਿੱਤੀ। 1921 'ਚ ਨਨਕਾਣਾ ਸਾਹਿਬ ਗੁਰਦੁਆਰੇ ਦੇ ਮੋਰਚੇ ਨੇ ਵੀ ਉਨ੍ਹਾਂ ਦੇ ਮਨ 'ਤੇ ਡੂੰਘੀ ਛਾਪ ਛੱਡੀ। ਉਹ ਆਪਣੇ ਪਿੰਡ ਵਿੱਚੋਂ ਲੰਘੇ ਜਾਂਦੇ ਅੰਦੋਲਨ ਕਾਰੀਆਂ ਨੂੰ ਲੰਗਰ ਛਕਾਇਆ ਕਰਦੇ ਸਨ। ਫਿਰ ਗਾਂਧੀ ਦਾ ਅੰਦੋਲਨ ਸ਼ੁਰੂ ਹੋਇਆ ਤੇ ਕਿੰਨੇ ਨੌਜਵਾਨ ਸਕੂਲਾਂ ਤੇ ਕਾਲਜਾਂ ਨੂੰ ਛੱਡ ਆਜ਼ਾਦੀ ਦੀ ਲੜਾਈ 'ਚ ਕੁੱਦ ਪਏ, ਇਨ੍ਹਾਂ 'ਚੋਂ ਭਗਤ ਸਿੰਘ ਵੀ ਇਕ ਸੀ।

**ਹਿੰਦੁਸਤਾਨ ਰਿਪਬਲੀਕਨ ਐਸੋਸੀਏਸ਼ਨ** : ਭਗਤ ਸਿੰਘ ਜਦੋਂ ਕਾਨਪੁਰ ਪਹੁੰਚੇ ਤਾਂ ਉਹ ਉਥੇ ਸ਼ੰਕਰ ਵਿਦਿਆਰਥੀ, ਬੀ .ਕੇ .ਦਤ, ਚੰਦਰ ਸ਼ੇਖਰ ਅਜਾਦ ਤੇ ਕੁਝ ਹੋਰ ਬੰਗਾਲੀ ਕ੍ਰਾਂਤੀਕਾਰੀਆਂ ਦੇ ਸੰਪਰਕ ਵਿਚ ਆਏ ਅਤੇ ,"ਹਿੰਦੁਸਤਾਨ ਰਿਪਬਲੀਕਨ ਐਸੋਸੀਏਸ਼ਨ" ਦੇ ਮੈਂਬਰ ਬਣ ਗਏ ।ਉਨ੍ਹਾਂ ਦਿਨਾਂ ਵਿਚ ਗੁਰਦਵਾਰਿਆਂ ਦੀ ਆਜ਼ਾਦੀ ਲਈ ਜੈਤੋਂ ਦਾ ਮੋਰਚਾ ਲਗਾ ਹੋਇਆ ਸੀ ਜਿਸਦਾ ਉਨ੍ਹਾਂ ਪੂਰੇ ਇੱਕਠ ਨੂੰ ਲੰਗਰ ਛਕਾਇਆ ਜਿਸ ਦੇ ਫਲਸਰੂਪ ਉਨ੍ਹਾਂ ਦੀ ਗ੍ਰਿਫਤਾਰੀ ਦੇ ਵਰੰਟ ਜਾਰੀ ਹੋਏ ।ਜਦੋਂ ਕਿ 1927 ਵਿਚ ਨੋਜਵਾਨ ਭਾਰਤ ਸਭਾ ਦੀ ਨੀਂਹ ਰਖੀ ਗਈ।ਜਿਸਦਾ ਬਾਅਦ ਵਿਚ ਨਾਂ ਬਦਲਕੇ "ਹਿੰਦੁਸਤਾਨ ਰਿਪਬਲੀਕਨ ਐਸੋਸੀਏਸ਼ਨ" ਰੱਖ ਦਿੱਤਾ ਗਿਆ।ਚੰਦਰ ਸ਼ੇਖਰ ਅਜਾਦ ਤੇ ਭਗਤ ਸਿੰਘ ਇਸਦੇ ਸੰਚਾਲਕ ਸਨ।ਇਸੇ ਦੌਰਾਨ 1927 ਵਿੱਚ ਕਾਕੋਰੀ ਕਾਂਡ (ਰੇਲਗੱਡੀ ਡਾਕੇ) ਦੇ ਮਾਮਲੇ ਵਿੱਚ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਉੱਤੇ ਲਾਹੌਰ ਅਤੇ ਦੁਸਹਿਰੇ ਮੇਲੇ ਦੌਰਾਨ ਬੰਬ ਸੁਟਣ ਦਾ ਵੀ ਦੋਸ਼ ਮੜ੍ਹਿਆ ਗਿਆ। ਕੁਝ ਸਮੇਂ ਬਾਅਦ ਚੰਗੇ ਵਿਵਹਾਰ ਕਾਰਨ ਜ਼ਮਾਨਤ ਦੀ ਭਾਰੀ ਰਕਮ ਦੇ ਇਵਜ਼ 'ਚ ਉਨ੍ਹਾਂ ਨੂੰ ਰਿਹਾਅ ਕਰ ਦਿੱਤਾ ਗਿਆ।ਭਗਤ ਸਿੰਘ ਨੇ ਸੰਘਰਸ਼ ਜਾਰੀ ਰੱਖਿਆ ਅਤੇ ਦੇਸ਼ ਦੀ ਆਜ਼ਾਦੀ ਲਈ ਨੌਜਵਾਨ ਭਾਰਤ ਸਭਾ ਦੀ ਸਥਾਪਨਾ ਕੀਤੀ।

**ਲਾਲਾ ਲਾਜਪਤ ਰਾਏ ਦੀ ਮੌਤ ਦਾ ਬਦਲਾ** : ਭਗਤ ਸਿੰਘ ਅਤੇ ਉਸ ਦੇ ਸਾਥੀਆਂ ਨੇ ਲਾਲਾ ਲਾਜਪਤ ਰਾਏ ਦੀ ਮੌਤ ਦਾ ਬਦਲਾ ਲੈਣ ਦੀ ਸਹੁੰ ਖਾਧੀ ਅਤੇ ਰਾਜਗੁਰੂ ਦੇ ਨਾਲ ਮਿਲ ਕੇ ਲਾਹੌਰ ਵਿਚ ਸਹਾਇਕ ਪੁਲਸ ਮੁਖੀ ਰਹੇ ਅੰਗਰੇਜ਼ ਅਧਿਕਾਰੀ ਜੇਪੀ ਸਾਂਡਰਸ ਨੂੰ ਮਾਰ-ਮੁਕਾਇਆ। ਇਸ ਕਾਰਨਾਮੇ ਨੂੰ ਅੰਜਾਮ ਦੇਣ ਲਈ ਚੰਦਰ ਸ਼ੇਖਰ ਆਜ਼ਾਦ ਨੇ ਵੀ ਆਪ ਦੀ ਸਹਾਇਤਾ ਕੀਤੀ।ਆਪਣੇ ਇਕ ਹੋਰ ਕ੍ਰਾਂਤੀਕਾਰੀ ਸਾਥੀ ਬੁਟਕੇਸ਼ਵਰ ਦੱਤ ਦੇ ਨਾਲ ਮਿਲ ਕੇ ਆਪ ਨੇ ਨਵੀਂ ਦਿੱਲੀ ਦੀ ਸੈਂਟਰਲ ਅਸੈਂਬਲੀ ਦੇ ਸਭਾ ਹਾਲ ਵਿਚ 8 ਅਪ੍ਰੈਲ 1928 ਨੂੰ ਅੰਗਰੇਜ਼ ਸਰਕਾਰ ਨੂੰ ਜਗਾਉਣ ਲਈ ਬੰਬ ਅਤੇ ਪਰਚੇ ਸੁੱਟੇ। ਬੰਬ ਸੁੱਟਣ ਉਪਰੰਤ ਦੋਵਾਂ ਨੇ ਉੱਥੇ ਗ੍ਰਿਫ਼ਤਾਰੀ ਦੇ ਦਿੱਤੀ।

**ਆਰਟੀਕਲ 'ਮੈਂ ਨਾਸਤਕ ਕਿਉਂ ਹਾਂ'** : ਜੇਲ੍ਹ ਵਿਚ ਭਗਤ ਸਿੰਘ ਨੇ ਲਗਪਗ 2 ਸਾਲ ਗੁਜ਼ਾਰੇ।ਮੁਕੱਦਮੇ ਦੌਰਾਨ ਭਾਰਤ ਦੇ ਇਸ ਮਹਾਨ ਸਪੂਤ ਨੇ ਆਪਣੀ ਰਿਹਾਈ ਲਈ ਜ਼ਰਾ ਵੀ ਕੋਸ਼ਿਸ਼ ਨਹੀਂ ਕੀਤੀ ਪਰ ਦੇਸ਼ ਦੀ ਆਜ਼ਾਦੀ ਲਈ ਆਖ਼ਰੀ ਸਾਹ ਤਕ ਲੜਨ ਦਾ ਐਲਾਨ ਕੀਤਾ। ਮਜ਼ਦੂਰਾਂ ਦਾ ਸ਼ੋਸ਼ਣ ਕਰਨ ਵਾਲੇ ਪੂੰਜੀਪਤੀਆਂ ਨੂੰ ਉਨ੍ਹਾਂ ਆਪਣਾ ਦੁਸ਼ਮਣ ਐਲਾਨਿਆ। ਉਨ੍ਹੀਂ ਦਿਨੀਂ ਉਨ੍ਹਾਂ ਇਕ ਆਰਟੀਕਲ ਲਿਖਿਆ ਜਿਸ ਦਾ ਸਿਰਲੇਖ਼ ਸੀ 'ਮੈਂ ਨਾਸਤਕ ਕਿਉਂ ਹਾਂ।' ਜੇਲ੍ਹ ਵਿਚ ਭਗਤ ਸਿੰਘ ਅਤੇ ਉਸ ਦੇ ਬਾਕੀ ਸਾਥੀਆਂ ਨੇ 64 ਦਿਨਾਂ ਤਕ ਭੁੱਖ ਹੜਤਾਲ ਕੀਤੀ ਜੋ ਗਾਂਧੀਵਾਦੀ ਤਰੀਕਿਆਂ ਦੀ ਅਦੁੱਤੀ ਮਿਸਾਲ ਹੈ। ਭਗਤ ਸਿੰਘ ਅਤੇ ਉਸ ਦੇ ਸਾਥੀਆਂ 'ਤੇ ਲਾਹੌਰ ਵਿਚ ਸਾਂਡਰਸ ਦੇ ਕਤਲ, ਅਸੈਂਬਲੀ ਵਿਚ ਬੰਬ ਧਮਾਕਾ ਆਦਿ ਕੇਸ ਚੱਲੇ।

**ਕੈਦ ਅਤੇ ਫਾਂਸੀ ਦੀ ਸਜ਼ਾ** : ਸੱਤ ਅਕਤੂਬਰ 1930 ਨੂੰ ਟ੍ਰਿਬਿਊਨਲ ਦਾ ਫ਼ੈਸਲਾ ਜੇਲ੍ਹ ਵਿਚ ਪਹੁੰਚਿਆ, ਜਿਸ ਅਨੁਸਾਰ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਨੂੰ ਫਾਂਸੀ, ਕਮਲਨਾਥ ਤਿਵਾੜੀ, ਵਿਜੈ ਕੁਮਾਰ ਸਿਨਹਾ, ਜੈਦੇਵ ਕਪੂਰ, ਸ਼ਿਵ ਵਰਮਾ, ਗਯਾ ਪ੍ਰਸਾਦ, ਕਿਸ਼ੋਰੀ ਲਾਲ ਅਤੇ ਮਹਾਵੀਰ ਸਿੰਘ ਨੂੰ ਉਮਰ ਕੈਦ, ਕੁੰਦਨ ਲਾਲ ਨੂੰ 7 ਅਤੇ ਪ੍ਰੇਮ ਦੱਤ ਨੂੰ ਤਿੰਨ ਸਾਲ ਕੈਦ ਦੀ ਸਜ਼ਾ ਸੁਣਾਈ ਗਈ। ਬੁਟਕੇਸ਼ਵਰ ਦੱਤ ਅਤੇ ਭਗਤ ਸਿੰਘ ਨੂੰ ਅਸੈਂਬਲੀ ਬੰਬ ਕਾਂਡ ਲਈ ਉਮਰ ਕੈਦ ਦੀ ਸਜ਼ਾ ਦਾ ਫ਼ੈਸਲਾ ਸੁਣਾਇਆ ਗਿਆ ਅਤੇ 23 ਮਾਰਚ 1931 ਨੂੰ ਭਗਤ ਸਿੰਘ ਅਤੇ ਉਨ੍ਹਾਂ ਦੇ ਦੋ ਸਾਥੀਆਂ ਰਾਜਗੁਰੂ ਅਤੇ ਸੁਖਦੇਵ ਨੂੰ ਫਾਂਸੀ ਦੇ ਦਿੱਤੀ ਗਈ। ਇਹ ਵੀ ਕਿਹਾ ਜਾਂਦਾ ਹੈ ਕਿ ਫਾਂਸੀ ਦਿੱਤੇ ਜਾਣ ਤੋਂ ਪਹਿਲਾਂ ਉਹ ਲੈਨਿਨ ਦੀ ਜੀਵਨੀ ਪੜ੍ਹ ਰਹੇ ਸਨ। ਫਾਂਸੀ ਉਪਰੰਤ ਅਵਾਮ ਦਾ ਕੋਈ ਅਹਿਤਜਾਜ ਜਾਂ ਅੰਦੋਲਨ ਨਾ ਭੜਕ ਜਾਵੇ, ਇਸ ਡਰੋਂ ਅੰਗਰੇਜ਼ਾਂ ਨੇ ਪਹਿਲਾਂ ਉਨ੍ਹਾਂ ਦੀਆਂ ਲਾਸ਼ਾਂ ਦੇ ਟੁਕੜੇ ਕੀਤੇ ਅਤੇ ਫਿਰ ਬੋਰੀਆਂ ਵਿਚ ਭਰ ਕੇ ਫਿਰੋਜ਼ਪੁਰ ਵੱਲ ਲੈ ਗਏ। ਜਿੱਥੇ ਮਿੱਟੀ ਦਾ ਤੇਲ ਪਾ ਕੇ ਉਨ੍ਹਾਂ ਨੂੰ ਸਾੜਿਆ ਗਿਆ ਤੇ ਅੱਧ-ਸੜੀਆਂ ਲਾਸ਼ਾਂ ਸਤਲੁਜ ਦਰਿਆ 'ਚ ਸੁੱਟ ਦਿੱਤੀਆਂ।

**ਫਾਂਸੀ ਮਗਰੋਂ ਦਿੱਲੀ ਵਿਖੇ ਹੋਏ ਜਲਸੇ** : ਭਗਤ ਸਿੰਘ ਨੂੰ ਫਾਂਸੀ ਲਗਾਏ ਜਾਣ ਬਾਅਦ ਦਿਲੀ ਵਿਖੇ ਹੋਏ ਇਕ ਜਲਸੇ 'ਚ ਸੁਭਾਸ਼ ਚੰਦਰ ਬੋਸ ਨੇ ਕਿਹਾ ਸੀ ਕਿ 'ਭਗਤ ਸਿੰਘ ਇੱਕ ਵਿਅਕਤੀ ਨਹੀਂ -ਉਹ ਇਕ ਨਿਸ਼ਾਨ ਹੈ , ਇਕ ਚਿੰਨ ਹੈ ਉਸ ਇਨਕਲਾਬ ਦਾ, ਜਿਹੜਾ ਉਸ ਦੀਆਂ ਕੁਰਬਾਨੀਆਂ ਸਦਕਾ ਹਰ ਦੇਸ਼ ਵਾਸੀ ਦੇ ਸੀਨੇ ਵਿਚ ਮਘਦੀ ਅੱਗ ਦੀ ਤਰਾਂ ਬਲ ਉਠਿਆ ਹੈ÷।ਪੰਡਤ ਜਵਾਹਰ ਲਾਲ ਨੇ ਲਿਖਿਆ ਸੀ ਕਿ " ਇਹ ਨੌਜਵਾਨ ਗੱਭਰੂ ਅਚਨਚੇਤ ਇਤਨਾ ਹਰਮਨ ਪਿਆਰਾ ਹੋ ਗਿਆ ਹੈ।ਸਾਨੂੰ ਉਸਦੀ ਸ਼ਹਾਦਤ ਤੋਂ ਸਬਕ ਸਿਖਣਾ ਚਾਹੀਦਾ ਹੈ ਕਿ ਦੇਸ਼ ਤੇ ਕੌਮ ਦੀ ਆਜ਼ਾਦੀ ਲਈ ਕਿਵੇਂ ਹੱਸ ਹੱਸ ਕੇ ਮਰਿਆ ਜਾਂਦਾ ਹੈ।"